**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551



Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 62 ▪ 31 ਮਈ 2026 ▪ ਐਤਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ



**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ। ਮੋ. 78890-72071


## ਕੀ ਨਗਰ ਕੌਂਸਲ ਦੀ ਪ੍ਰਧਾਨਗੀ ਦੀ ਕੁਰਸੀ ਤੇ ਬੈਠੇਗੀ ਯੋਗਿਤਾ ਗੁੰਬਰ ?

### *20 ਸਾਲ ਪੁਰਾਣਾ ਅਕਾਲੀ ਗੜ੍ਹ ਢਾਹ ਕੇ ਬਣੀ ਚਰਚਾ ਦਾ ਕੇਂਦਰ*

### ਆਮ ਆਦਮੀ ਪਾਰਟੀ ਦੀ ਜਿੱਤ ਤੋਂ ਬਾਅਦ ਪ੍ਰਧਾਨਗੀ ਨੂੰ ਲੈ ਕੇ ਤੇਜ਼ ਹੋਈਆਂ ਸਿਆਸੀ ਸਰਗਰਮੀਆਂ





**ਸ੍ਰੀ ਮੁਕਤਸਰ ਸਾਹਿਬ, 30 ਮਈ (ਮਾਲਵਾ ਬਾਣੀ)** ਨਗਰ ਕੌਂਸਲ ਚੋਣਾਂ ਦੇ ਐਲਾਨੇ ਗਏ ਨਤੀਜਿਆਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਬਹੁਮਤ ਹਾਸਲ ਕਰਨ ਤੋਂ ਬਾਅਦ ਹੁਣ ਸ਼ਹਿਰ ਦੀ ਸਿਆਸਤ ਦਾ ਕੇਂਦਰ ਨਗਰ ਕੌਂਸਲ ਪ੍ਰਧਾਨਗੀ ਦੀ ਕੁਰਸੀ ਬਣ ਚੁੱਕੀ ਹੈ। ਜਿੱਤ ਪ੍ਰਾਪਤ ਕਰਨ ਵਾਲੇ ਕੌਂਸਲਰਾਂ ਵਿੱਚੋਂ ਕਈ ਚਿਹਰਿਆਂ ਦੇ ਨਾਮ ਪ੍ਰਧਾਨਗੀ ਲਈ ਚਰਚਾ ਵਿੱਚ ਹਨ, ਪਰ ਇਨ੍ਹਾਂ ਸਭ ਵਿੱਚ ਸਭ ਤੋਂ ਵੱਧ ਧਿਆਨ ਖਿੱਚ ਰਹੀ ਹੈ ਵਾਰਡ ਨੰਬਰ 11 ਤੋਂ ਜਿੱਤ ਦਰਜ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਕੌਂਸਲਰ ਯੋਗਿਤਾ ਗੁੰਬਰ, ਜਿਸ ਨੇ ਅਕਾਲੀ ਦਲ ਦੇ ਦੋ ਦਹਾਕਿਆਂ ਪੁਰਾਣੇ ਗੜ੍ਹ ਨੂੰ ਢਾਹ ਕੇ ਸਿਆਸੀ ਹਲਕਿਆਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਯੋਗਿਤਾ ਗੁੰਬਰ ਨੇ ਵਾਰਡ ਨੰਬਰ 11 ਤੋਂ 125 ਵੋਟਾਂ ਦੇ ਫਰਕ ਨਾਲ ਜਿੱਤ ਦਰਜ ਕਰਕੇ ਨਾ ਸਿਰਫ ਆਪਣੀ ਮਜ਼ਬੂਤ ਪਕੜ ਸਾਬਤ ਕੀਤੀ ਹੈ, ਸਗੋਂ ਉਸ ਸੀਟ 'ਤੇ ਆਮ ਆਦਮੀ ਪਾਰਟੀ ਦਾ ਝੰਡਾ ਲਹਿਰਾਇਆ ਹੈ ਜਿੱਥੇ ਪਿਛਲੇ ਲਗਭਗ 20 ਸਾਲਾਂ ਤੋਂ ਅਕਾਲੀ ਦਲ ਲਗਾਤਾਰ ਜਿੱਤਦਾ ਆ ਰਿਹਾ ਸੀ। ਇਸ ਇਤਿਹਾਸਕ ਜਿੱਤ ਨੂੰ ਸਥਾਨਕ ਸਿਆਸਤ ਵਿੱਚ ਵੱਡਾ ਉਲਟਫੇਰ ਮੰਨਿਆ ਜਾ ਰਿਹਾ ਹੈ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਜਿਸ ਉਮੀਦਵਾਰ ਨੇ ਪਾਰਟੀ ਲਈ ਸਭ ਤੋਂ ਔਖੀ ਅਤੇ ਮਹੱਤਵਪੂਰਨ ਸੀਟ ਜਿੱਤੀ ਹੋਵੇ, ਉਸ ਦੀ ਪ੍ਰਧਾਨਗੀ ਲਈ ਦਾਅਵੇਦਾਰੀ ਨੂੰ ਨਜ਼ਰਅੰਦਾਜ਼ ਕਰਨਾ ਆਸਾਨ ਨਹੀਂ ਹੋਵੇਗਾ। ਇਸ ਕਾਰਨ ਯੋਗਿਤਾ ਗੁੰਬਰ ਦਾ ਨਾਮ ਨਗਰ ਕੌਂਸਲ ਪ੍ਰਧਾਨਗੀ ਦੀ ਚਰਚਾ ਵਿੱਚ ਲਗਾਤਾਰ ਉੱਭਰ ਕੇ ਸਾਹਮਣੇ ਆ ਰਿਹਾ ਹੈ।

ਦੂਜੇ ਪਾਸੇ ਪ੍ਰਧਾਨਗੀ ਦੀ ਦੌੜ ਵਿੱਚ ਮੁਕਤਸਰ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਕਰੀਬੀ ਮੰਨੇ ਜਾਂਦੇ ਵਿਕਰਮ ਕੁਮਾਰ ਵਿੱਕੀ ਦਾ ਨਾਮ ਵੀ ਕਾਫੀ ਚਰਚਾ ਵਿੱਚ ਹੈ। ਇਸ ਤੋਂ ਇਲਾਵਾ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਸੁਖਜਿੰਦਰ ਸਿੰਘ ਬਬਲੂ ਬਰਾੜ ਨੂੰ ਵੀ ਸੰਭਾਵੀ ਦਾਅਵੇਦਾਰ ਵਜੋਂ ਦੇਖਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪਾਰਟੀ ਦੇ ਹੋਰ ਕਈ ਜੇਤੂ ਕੌਂਸਲਰ ਵੀ ਪ੍ਰਧਾਨਗੀ ਲਈ ਆਪਣੀਆਂ ਦਾਅਵੇਦਾਰੀਆਂ ਪੇਸ਼ ਕਰ ਰਹੇ ਹਨ। ਹਾਲਾਂਕਿ ਅੰਤਿਮ ਫੈਸਲਾ ਪਾਰਟੀ ਹਾਈਕਮਾਨ ਅਤੇ ਸਥਾਨਕ ਲੀਡਰਸ਼ਿਪ ਵੱਲੋਂ ਕੀਤਾ ਜਾਣਾ ਹੈ, ਪਰ ਲੋਕਾਂ ਅਤੇ ਸਿਆਸੀ ਗਲਿਆਰਿਆਂ ਵਿੱਚ ਇੱਕ ਸਵਾਲ ਲਗਾਤਾਰ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕਿ ਕੀ 20 ਸਾਲ ਪੁਰਾਣੇ ਅਕਾਲੀ ਗੜ੍ਹ ਨੂੰ ਢਾਹੁਣ ਵਾਲੀ ਯੋਗਿਤਾ ਗੁੰਬਰ ਨੂੰ ਉਸ ਦੀ ਇਸ ਉਪਲਬਧੀ ਦਾ ਇਨਾਮ ਨਗਰ ਕੌਂਸਲ ਪ੍ਰਧਾਨਗੀ ਦੇ ਰੂਪ ਵਿੱਚ ਮਿਲੇਗਾ ਜਾਂ ਫਿਰ ਪਾਰਟੀ ਕਿਸੇ ਹੋਰ ਚਿਹਰੇ 'ਤੇ ਭਰੋਸਾ ਜਤਾਏਗੀ।

ਹੁਣ ਸਭ ਦੀਆਂ ਨਜ਼ਰਾਂ ਆਮ ਆਦਮੀ ਪਾਰਟੀ ਦੇ ਫੈਸਲੇ 'ਤੇ ਟਿਕੀਆਂ ਹੋਈਆਂ ਹਨ। ਆਉਣ ਵਾਲੇ ਦਿਨਾਂ ਵਿੱਚ ਇਹ ਸਪੱਸ਼ਟ ਹੋ ਜਾਵੇਗਾ ਕਿ ਨਗਰ ਕੌਂਸਲ ਦੀ ਕਮਾਨ ਕਿਸ ਦੇ ਹੱਥਾਂ ਵਿੱਚ ਸੌਂਪੀ ਜਾਂਦੀ ਹੈ, ਪਰ ਫਿਲਹਾਲ ਯੋਗਿਤਾ ਗੁੰਬਰ ਦਾ ਨਾਮ ਪ੍ਰਧਾਨਗੀ ਦੀ ਦੌੜ ਵਿੱਚ ਸਭ ਤੋਂ ਮਜ਼ਬੂਤ ਚਰਚਾਵਾਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ।

## ਮਾਰਕਿਟ ਕਮੇਟੀ ਭੀਖੀ ਦੇ ਚੇਅਰਮੈਨ ਨੂੰ ਅਹੁਦੇ ਤੋਂ ਹਟਾਇਆ, ਚਰਚਾਵਾਂ ਦਾ ਬਜਾਰ ਤੇਜ

**ਭੀਖੀ,30 ਮਈ (ਸੰਦੀਪ ਤਾਇਲ)** ਮਾਰਕਿਟ ਕਮੇਟੀ ਭੀਖੀ ਦੇ ਚੇਅਰਮੈਨ ਮਾ. ਵਰਿੰਦਰ ਸੋਨੀ ਨੂੰ ਅਹੁਦੇ ਤੋਂ ਹਟਾਏ ਜਾਣ ਦੀ ਖ਼ਬਰ ਤੋਂ ਬਾਅਦ ਇਲਾਕੇ ਦੇ ਸਿਆਸੀ ਗਲਿਆਰਿਆਂ ਵਿੱਚ ਚਰਚਾਵਾਂ ਦਾ ਦੌਰ ਤੇਜ਼ ਹੋ ਗਿਆ ਹੈ। ਭਾਵੇਂ ਪੱਤਰ ਨੰਬਰ 1/1/2023/ਐਮ-5/7535 ਮਿਤੀ 29 ਮਈ 2026 ਰਾਹੀਂ ਅਰਸ਼ਦੀਪ ਸਿੰਘ ਥਿੰਦ ਪ੍ਰਬੰਧਕੀ ਸਕੱਤਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਸਰਕਾਰ ਵਲੋਂ ਸੈਕਸ਼ਨ 15 ਆਫ ਦ ਪੰਜਾਬ ਐਗਰੀਕਲਚ ਪ੍ਰੋਡਿਊਸ ਮਾਰਕੀਟਸ ਐਕਟ 1961 ਦੀ ਵਰਤੋਂ ਕਰਦਿਆ ਉਨਾਂ ਨੂੰ ਆੜ੍ਹਤੀਆ ਸ਼ਰੇਣੀ ਵਿੱਚ ਅਯੋਗ ਕਰਾਰ ਦਿੰਦਿਆਂ ਅਹੁਦੇ ਤੋਂ ਹਟਾਇਆ ਗਿਆ ਹੈ ਪ੍ਰੰਤੂ ਇਸ ਕਾਰਵਾਈ ਨੂੰ ਲੈ ਕੇ ਵੱਖ-ਵੱਖ ਤਰ੍ਹਾਂ ਦੀਆਂ ਅਟਕਲਾਂ ਲਗਾਈਆਂ ਜਾ ਰਹੀਆਂ ਹਨ ਅਤੇ ਲੋਕ ਇਸ ਦੇ ਪਿੱਛੇ ਦੇ ਕਾਰਨਾਂ ਬਾਰੇ ਚਰਚਾ ਕਰ ਰਹੇ ਹਨ। ਚਰਚਾ ਹੈ ਕਿ ਪਿਛਲੇ ਕਈ ਦਿਨਾਂ ਤੋਂ ਵਰਿੰਦਰ ਸੋਨੀ ਵਲੋਂ ਕੁਝ ਮੁੱਦਿਆਂ ਉੱਤੇ ਸੋਸ਼ਲ ਮੀਡੀਆ 'ਤੇ ਅਪਲੋਡ ਕੀਤੀਆਂ ਪੋਸਟਾਂ ਕੁਝ ਆਗੂਆਂ ਨੂੰ ਹਜਮ ਨਹੀ ਆ ਰਹੀਆਂ ਸਨ, ਨਤੀਜਨ ਉਸ ਦੀਆਂ ਸ਼ਿਕਾਇਤਾਂ ਹਾਈਕਮਾਂਡ ਤਕ ਪਹੁੰਚਾਈਆਂ ਗਈਆਂ, ਤੋਂ ਇਲਾਵਾ ਸਥਾਨਕ ਅਨਾਜ ਮੰਡੀ ਵਿੱਚ ਬਿਨਾਂ ਪ੍ਰਵਾਨਗੀ ਤੋਂ ਡੰਪ ਕੀਤਾ ਗਿਆ ਫੂਸਾ ਵੀ ਅਹਿਮ ਮੁੱਦਾ ਰਿਹਾ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਇਹ ਫੈਸਲਾ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ ਦੇ ਮੰਤਵ ਨਾਲ ਲਿਆ ਗਿਆ ਹੋ ਸਕਦਾ ਹੈ। ਇਸ ਘਟਨਾ ਤੋਂ ਬਾਅਦ ਸਥਾਨਕ ਸਿਆਸਤ ਵਿੱਚ ਨਵੇਂ ਸਮੀਕਰਨ ਬਣਨ ਦੀ ਸੰਭਾਵਨਾ ਵੀ ਜਤਾਈ ਜਾ ਰਹੀ ਹੈ। ਹੁਣ ਸਭ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹੋਈਆਂ ਹਨ ਕਿ ਕੀ ਇਹ ਕਾਰਵਾਈ ਸਿਰਫ਼ ਇੱਕ ਅਹੁਦੇ ਤੱਕ ਸੀਮਿਤ ਰਹੇਗੀ ਜਾਂ ਫਿਰ ਹੋਰ ਅਹੁਦੇਦਾਰਾਂ 'ਤੇ ਵੀ ਗਾਜ ਡਿੱਗ ਸਕਦੀ ਹੈ। ਉਧਰ ਮਾ. ਵਰਿੰਦਰ ਸੋਨੀ ਨੇ ਇਸ ਫੈਸਲੇ ਨੂੰ ਖਿੜੇ ਮੱਥੇ ਲੈਂਦੇ ਕਿਹਾ ਹੈ ਕਿ ਉਹ ਪਾਰਟੀ ਦੇ ਵਫਾਦਾਰ ਸਿਪਾਹੀ ਹਨ ਅਤੇ ਉਨਾਂ ਕਿਹਾ ਕਿ ਚੇਅਰਮੈਨ ਦੀ ਹੈਸੀਅਤ ਵਿੱਚ ਸਵਾ ਸਾਲ ਦੇ ਕਾਰਜਕਾਲ ਦੌਰਾਨ ਉਨਾਂ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਜਿੰਮੇਵਾਰੀ ਨਿਭਾਈ ਹੈ।



## ਤੀਰਅੰਦਾਜ ਅਵਨੀਤ ਕੌਰ ਨੂੰ ਮਿਲਿਆ ਮਹਾਰਾਜਾ ਰਣਜੀਤ ਸਿੰਘ ਐਵਾਰਡ



**ਗਿੱਦੜਬਾਹਾ 30 ਮਈ (ਕੁਲਭੂਸ਼ਨ ਗਰਗ)** - ਬੀਬੀ ਸੁਰਿੰਦਰ ਕੌਰ ਬਾਦਲ ਮਾਲਵਾ ਸਕੂਲ ਗਿੱਦੜਬਾਹਾ ਦੀ ਸਾਬਕਾ ਵਿਦਿਆਰਥਣ ਅਤੇ ਵਿਸ਼ਵ ਪ੍ਰਸਿੱਧ ਤੀਰਅੰਦਾਜ਼ ਅਵਨੀਤ ਕੌਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜ ਦਾ ਸਰਵਉੱਚ ਖੇਡ ਪੁਰਸਕਾਰ 'ਮਹਾਰਾਜਾ ਰਣਜੀਤ ਸਿੰਘ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਤੋਂ ਬਾਅਦ ਅਵਨੀਤ ਕੌਰ ਦੇ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸੇਵਾਮੁਕਤ ਕਰਨਲ ਸੁਧਾਸ਼ੂ ਆਰੀਆ, ਵਾਈਸ ਪ੍ਰਿੰਸੀਪਲ ਜਸਬੀਰ ਸਿੰਘ, ਸਮੂਹ ਸਟਾਫ, ਕੋਚਾਂ ਅਤੇ ਵਿਦਿਆਰਥੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਅਵਨੀਤ ਕੌਰ ਨੂੰ ਇਹ ਪੁਰਸਕਾਰ ਤੀਰਅੰਦਾਜ਼ੀ ਦੇ ਖੇਤਰ ਵਿੱਚ ਉਸ ਦੇ ਸ਼ਾਨਦਾਰ ਯੋਗਦਾਨ ਲਈ ਦਿੱਤਾ ਗਿਆ ਹੈ। ਉਸ ਨੇ ਵਰਲਡ ਯੂਥ ਗੇਮਜ਼ ਵਿੱਚ ਵਿਅਕਤੀਗਤ ਮੁਕਾਬਲੇ ਵਿੱਚ ਸੋਨ ਤਗ਼ਮਾ, ਵਰਲਡ ਯੂਨੀਵਰਸਿਟੀ ਗੇਮਜ਼ ਵਿੱਚ 2 ਸੋਨ ਤਗ਼ਮੇ ਅਤੇ ਵਰਲਡ ਕੱਪ ਵਿੱਚ 1 ਸੋਨ ਤੇ 2 ਚਾਂਦੀ ਦੇ ਤਗ਼ਮੇ ਜਿੱਤ ਕੇ ਦੇਸ਼ ਅਤੇ ਪੰਜਾਬ ਦਾ ਨਾਮ ਵਿਸ਼ਵ ਪੱਧਰ 'ਤੇ ਰੌਸ਼ਨ ਕੀਤਾ ਹੈ। ਸਕੂਲ ਪਹੁੰਚਣ 'ਤੇ ਅਵਨੀਤ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਮਿਹਨਤ ਤੇ ਲਗਨ ਨਾਲ ਆਪਣੇ ਸੁਪਨੇ ਪੂਰੇ ਕਰਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਸੇਵਾਮੁਕਤ ਕਰਨਲ ਸੁਧਾਸ਼ੂ ਆਰੀਆ ਨੇ ਕਿਹਾ ਕਿ ਅਵਨੀਤ ਕੌਰ ਸਕੂਲ ਦੇ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ-ਸਰੋਤ ਹੈ ਅਤੇ ਸਕੂਲ ਨੂੰ ਉਸ 'ਤੇ ਮਾਣ ਹੈ।

## ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਵੱਲੋਂ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਅੱਜ

**ਕੋਟਕਪੂਰਾ, 30 ਮਈ (ਟਿੰਕੂ ਕੁਮਾਰ)** :- ਪੰਜਾਬ ਦੇ ਪਾਣੀਆਂ ਦੀ ਰਾਖੀ ਕਰਨ ਲਈ ਦੇਸ਼ ਵਿੱਚ ਦਿਨੋ ਦਿਨ ਵੱਧ ਰਹੀ ਮਹਿੰਗਾਈ ਤੇ ਬੇਰੋਜ਼ਗਾਰੀ ਨੂੰ ਠੱਲ੍ਹ ਪਾਉਣ, ਰਾਜਨੀਤਿਕ, ਆਰਥਿਕ ਅਤੇ ਵੱਖ-ਵੱਖ ਸਮਾਜਿਕ ਮੁੱਦਿਆਂ ਨੂੰ ਲੈ ਕੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਲਾਗੂ ਕਰਦਿਆਂ ਜ਼ਿਲ੍ਹਾ ਫਰੀਦਕੋਟ ਵੱਲੋਂ ਇੱਕ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਮਿਤੀ 31 ਮਈ ਦਿਨ ਐਤਵਾਰ ਨੂੰ ਸਵੇਰੇ ਠੀਕ 10:30 ਵਜੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਭਵਨ ਫਰੀਦਕੋਟ ਵਿਖੇ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਪਾਰਟੀ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ, ਗੁਰਚਰਨ ਸਿੰਘ ਮਾਨ, ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਸੁਖਜਿੰਦਰ ਸਿੰਘ ਤੂੰਬੜਭੰਨ, ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ, ਬੋਹੜ ਸਿੰਘ ਔਲਖ, ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ, ਸੁਖਦਰਸ਼ਨ ਰਾਮ ਸ਼ਰਮਾ, ਗੁਰਦੀਪ ਸਿੰਘ ਦੀਪ ਸਿੰਘ ਵਾਲਾ, ਹਰਪਾਲ ਸਿੰਘ ਮਚਾਕੀ, ਇੰਦਰਜੀਤ ਸਿੰਘ ਗਿੱਲ, ਬਲਕਾਰ ਸਿੰਘ ਸਹੋਤਾ, ਚਰਨਜੀਤ ਸਿੰਘ ਚਮੇਲੀ, ਰੇਸ਼ਮ ਸਿੰਘ ਮੱਤਾ ਅਤੇ ਜਸਵੰਤ ਸਿੰਘ ਨਿੱਕਾ ਔਲਖ ਨੇ ਦੱਸਿਆ ਕਿ ਇਸ ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਅਤੇ ਕਾਮਰੇਡ ਹਰਦੇਵ ਅਰਸ਼ੀ ਸਾਬਕਾ ਵਿਧਾਇਕ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਉਹਨਾਂ ਅੱਗੇ ਦੱਸਿਆ ਕਿ ਕਨਵੈਨਸ਼ਨ ਤੋਂ ਬਾਅਦ ਫਰੀਦਕੋਟ ਸ਼ਹਿਰ ਦੇ ਬਜ਼ਾਰਾਂ ਵਿੱਚ ਰੋਸ ਮਾਰਚ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪਾਰਟੀ ਦੇ ਪੁਰਾਣੇ ਆਗੂ ਸਵ. ਕਾਮਰੇਡ ਸੁਮਿੱਤਰ ਸਿੰਘ ਬਰਾੜ ਵਾਸੀ ਪਿੰਡ ਲੰਡੇ ਦੇ ਪਰਿਵਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।



## ਚੋਰਾਂ ਦੇ ਹੌਸਲੇ ਬੁਲੰਦ, ਪਿੰਡ ਕਲੀਜਪੁਰ 'ਚ ਹਵੇਲੀ ਵਿੱਚੋਂ ਪੰਜ ਮੋਟਰਾਂ ਚੋਰੀ

### *ਪਿਛਲੇ ਸਮਿਆਂ ਦੌਰਾਨ ਪਿੰਡ 'ਚ ਹੋਈਆਂ ਚੋਰੀਆਂ ਨੂੰ ਟਰੇਸ ਕਰਨ 'ਚ ਅਸਫ਼ਲ ਰਹਿਣ 'ਤੇ ਲੋਕਾਂ ਅੰਦਰ ਪੁਲਿਸ ਪ੍ਰਤੀ ਰੋਸ*



**ਦੀਨਾਨਗਰ/ਗੁਰਦਾਸਪੁਰ, 30 ਮਈ (ਸਰਬਜੀਤ ਸਾਗਰ)** ਹਲਕਾ ਦੀਨਾਨਗਰ ਦੇ ਪਿੰਡ ਕਲੀਜਪੁਰ 'ਚ ਚੋਰਾਂ ਨੇ ਤਿੰਨ ਘਰਾਂ ਨੂੰ ਨਿਸ਼ਾਨਾਂ ਬਣਾਉਂਦਿਆਂ ਕੁੱਲ ਪੰਜ ਮੋਟਰਾਂ ਚੋਰੀ ਕਰ ਲਈਆਂ ਹਨ। ਇਹ ਮੋਟਰਾਂ ਲੋਕਾਂ ਨੇ ਆਪਣੀ ਹਵੇਲੀ ਵਿੱਚ ਨਲਕੇ ਅਤੇ ਪੱਠੇ ਕੁਤਰਨ ਵਾਲੇ ਟੋਕੇ 'ਤੇ ਲਗਾਈਆਂ ਹੋਈਆਂ ਸਨ, ਜਿਨ੍ਹਾਂ ਨੂੰ ਚੋਰ ਬਿਨ੍ਹਾਂ ਕਿਸੇ ਖ਼ੌਫ਼ ਦੇ ਖੋਲ੍ਹ ਕੇ ਲੈ ਗਏ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਮਨਜੀਤ ਸਿੰਘ ਨੇ ਦੱਸਿਆ ਕਿ ਚੋਰਾਂ ਨੇ ਓਂਕਾਰ ਸਿੰਘ ਦੀ ਹਵੇਲੀ ਵਿੱਚੋਂ ਟੋਕੇ ਵਾਲੀ ਮੋਟਰ ਅਤੇ ਪ੍ਰੇਮ ਸਿੰਘ ਫ਼ੌਜੀ ਅਤੇ ਨਾਨਕੋ ਪਤਨੀ ਮੱਖਣ ਸਿੰਘ ਦੀ ਹਵੇਲੀ ਵਿੱਚੋਂ ਇੱਕ ਨਲਕੇ ਤੇ ਇੱਕ ਟੋਕੇ ਵਾਲੀ ਮੋਟਰ ਉਤਾਰ ਲਈ ਅਤੇ ਚੋਰੀ ਕਰਕੇ ਲੈ ਗਏ। ਸਰਪੰਚ ਨੇ ਦੱਸਿਆ ਕਿ ਪੀੜਤ ਪਰਿਵਾਰਾਂ ਦਾ 50 ਹਜ਼ਾਰ ਤੋਂ ਵੱਧ ਦਾ ਨੁਕਸਾਨ ਹੋਇਆ ਹੈ ਅਤੇ ਉਹ ਮੰਗ ਕਰਦੇ ਹਨ ਕਿ ਪੁਲਿਸ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਪੀੜਤ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਮੋਟਰਾਂ ਵਾਪਸ ਕਰਵਾਏ। ਉਨ੍ਹਾਂ ਦੱਸਿਆ ਕਿ ਇਸ ਘਟਨਾ ਸਬੰਧੀ ਥਾਣਾ ਪੁਰਾਣਾਸ਼ਾਲਾ ਵਿਖੇ ਇਤਲਾਹ ਦਿੱਤੀ ਗਈ ਹੈ। ਸਰਪੰਚ ਮਨਜੀਤ ਸਿੰਘ ਨੇ ਇਸ ਗੱਲ 'ਤੇ ਅਫ਼ਸੋਸ ਵੀ ਜਤਾਇਆ ਕਿ ਪਿਛਲੇ ਸਮਿਆਂ ਦੌਰਾਨ ਪਿੰਡ ਕਲੀਜਪੁਰ ਤੇ ਆਸਪਾਸ 'ਚ ਹੋਈਆਂ ਚੋਰੀਆਂ ਨੂੰ ਟਰੇਸ ਕਰਨ 'ਚ ਪੁਲਿਸ ਨੇ ਕੋਈ ਗੰਭੀਰਤਾ ਨਹੀਂ ਦਿਖਾਈ ਅਤੇ ਇਸ ਗੱਲ ਨੂੰ ਲੈ ਕੇ ਲੋਕਾਂ ਅੰਦਰ ਪੁਲਿਸ ਪ੍ਰਤੀ ਨਾਰਾਜ਼ਗੀ ਵੀ ਹੈ।

## ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਲਈ 31 ਮਈ ਦੀ ਮੋਹਾਲੀ ਸੂਬਾਈ ਰੈਲੀ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

### *ਪੰਜਾਬ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤਿਆਂ ਦੀ ਬਹਾਲੀ ਲਈ 31 ਮਈ ਨੂੰ ਮੁੱਖ ਮੰਤਰੀ ਦੀ ਚੰਡੀਗੜ੍ਹ ਰਿਹਾਇਸ਼ ਵੱਲ ਮਾਰਚ*



**ਪਾਤੜਾਂ, 30 ਮਈ (ਜਸਵਿੰਦਰ ਸਿੰਘ ਪਾਰਸ)** ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਵੱਲੋਂ ਮੁਲਾਜ਼ਮਾਂ ਦੀਆਂ ਪ੍ਰਮੁੱਖ ਵਿੱਤੀ ਮੰਗਾਂ, ਜਿਸ ਵਿੱਚ 17 ਜੁਲਾਈ 2020 ਤੋਂ ਬਾਅਦ ਭਰਤੀ ਵੱਖ ਵੱਖ ਵਿਭਾਗਾਂ ਅਦਾਰਿਆਂ ਅਤੇ ਬੋਰਡਾਂ ਦੇ ਮੁਲਾਜ਼ਮਾਂ ਦਾ ਵੱਡੇ ਪੱਧਰ 'ਤੇ ਸ਼ੋਸ਼ਣ ਕਰਨ ਲਈ ਲਾਗੂ ਕੀਤੇ ਕੇਂਦਰੀ ਪੈਟਰਨ ਅਧਾਰਿਤ ਨਵੇਂ ਤਨਖਾਹ ਸਕੇਲਾਂ, ਸਮਗਰਾ ਤੋਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤੇ 1007 ਐਸਐਸਏ/ਮਿਡ ਡੇ ਮੀਲ ਕਰਮਚਾਰੀਆਂ ਨੂੰ ਵਿੱਤ ਵਿਭਾਗ ਦੇ ਪੱਤਰ ਅਨੁਸਾਰ ਸਾਲ 2018 ਤੋਂ ਸਾਰੇ ਵਿੱਤੀ ਲਾਭ ਨਾ ਦੇਣ, ਬਜਾਰੂ ਜੋਖਮਾਂ ਨਾਲ ਜੁੜੀ ਨਵੀਂ ਪੈਨਸ਼ਨ ਪ੍ਰਣਾਲੀ ਰੱਦ ਨਾ ਕਰਨ, ਮੁਲਾਜ਼ਮਾਂ ਦਾ 18% ਪੈਂਡਿੰਗ ਮਹਿੰਗਾਈ ਭੱਤਾ ਰੋਕਣ, ਪੇਂਡੂ ਤੇ ਬਾਰਡਰ ਏਰੀਆ ਭੱਤਿਆਂ ਸਮੇਤ 37 ਕਿਸਮ ਦੇ ਕੱਟੇ ਗਏ ਭੱਤੇ ਬਹਾਲ ਨਾ ਕਰਨ, ਰੀਕਾਸਟ ਲਿਸਟਾਂ ਦੇ ਨਾਂ ਹੇਠ 4161 ਮਾਸਟਰ, 6635 ਈਟੀਟੀ ਤੇ ਬਾਕੀ ਭਰਤੀਆਂ ਦੇ ਸੈਂਕੜੇ ਅਧਿਆਪਕਾਂ ਨੂੰ ਟਰਮੀਨੇਸ਼ਨ ਦੇ ਸ਼ੋਅ ਕਾਜ ਨੋਟਿਸ ਜਾਰੀ ਕਰਨ, ਕੱਚੇ ਮੁਲਾਜ਼ਮਾਂ ਸਮੇਤ ਐਸੋਸੀਏਟ ਟੀਚਰਜ਼ ਅਤੇ ਕੰਪਿਊਟਰ ਅਧਿਆਪਕਾਂ ਨੂੰ ਸਿਵਲ ਸੇਵਾ ਨਿਯਮਾਂ ਤਹਿਤ ਲਿਆ ਕੇ ਰੈਗੂਲਰ ਨਾ ਕਰਨ ਵਿਰੁੱਧ ਜਾਰੀ ਸੰਘਰਸ਼ ਦਰਮਿਆਨ 31 ਮਈ 2026 ਨੂੰ ਮੋਹਾਲੀ ਵਿਖੇ ਸੂਬਾਈ ਰੈਲੀ ਅਤੇ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵੱਲ ਮਾਰਚ ਕਰਨ ਦੇ ਐਲਾਨ ਅਨੁਸਾਰ ਬਲਾਕ ਪਾਤੜਾਂ ਦੀ ਤਿਆਰੀ ਮੁਹਿੰਮ ਜਾਰੀ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਫ਼ਰੰਟ ਦੇ ਆਗੂਆਂ ਰਾਜੀਵ ਕੁਮਾਰ,ਬਲਜਿੰਦਰ ਘੱਗਾ,ਗੁਰਧਿਆਨ ਸਿੰਘ, ਸ਼ੰਕਰ ਸਿੰਘ ਅਤੇ ਮਨਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਸਰਕਾਰ ਬਣਨ ਤੋਂ ਪਹਿਲਾਂ ਹੋਰਨਾਂ ਵਰਗਾਂ ਵਾਂਗ ਪੰਜਾਬ ਦੇ ਮੁਲਾਜ਼ਮਾਂ ਨਾਲ ਵੀ ਆਮ ਆਦਮੀ ਪਾਰਟੀ ਵੱਲੋਂ ਕਈ ਵਾਅਦੇ ਕੀਤੇ ਗਏ ਸਨ, ਪ੍ਰੰਤੂ ਪਿਛਲੇ ਸਵਾ ਚਾਰ ਸਾਲ ਵਿੱਚ ਮੁਲਾਜ਼ਮਾਂ ਦੀਆਂ ਸਾਰੀਆਂ ਵਿੱਤੀ ਮੰਗਾਂ ਨੂੰ ਪੰਜਾਬ ਸਰਕਾਰ ਨੇ ਬੁਰੀ ਤਰ੍ਹਾਂ ਨੁਕਰੇ ਲਗਾ ਕੇ ਰੱਖਿਆ ਹੋਇਆ ਹੈ, ਸਗੋਂ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਾ ਦੇਣ ਦੀ ਆਪਣੀ ਮੁਢਲੀ ਜਿੰਮੇਵਾਰੀ ਤੋਂ ਵੀ ਭਗੌੜਾ ਹੋ ਚੁੱਕੇ ਹਨ। ਆਗੂਆਂ ਨੇ ਅੱਗੇ ਦੱਸਿਆ ਕਿ ਪੰਜਾਬ ਤਨਖਾਹ ਸਕੇਲਾਂ, ਪੁਰਾਣੀ ਪੈਨਸ਼ਨ ਪ੍ਰਣਾਲੀ ਅਤੇ ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਬਹਾਲ ਕਰਵਾਉਣ ਲਈ ਪੰਜਾਬ ਸਰਕਾਰ ਨੂੰ ਲਗਾਤਾਰ ਤਿੱਖੇ ਸੰਘਰਸ਼ ਰਾਹੀਂ ਘੇਰਿਆ ਜਾਵੇਗਾ। ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ 4161 ਮਾਸਟਰ ਕਾਡਰ ਭਰਤੀ ਨਾਲ ਸਬੰਧਿਤ 253 ਅਧਿਆਪਕਾਂ ਨੂੰ ਸੇਵਾਵਾਂ ਖ਼ਤਮ ਕਰਨ ਦੇ ਸ਼ੋਅ ਕਾਜ ਨੋਟਿਸ ਜਾਰੀ ਕਰਨ ਦਾ ਅਮਲ ਨਿਖੇਧੀ ਯੋਗ ਹੈ ਅਤੇ ਇਹ ਨੋਟਿਸ ਵਾਪਸ ਲੈ ਕੇ ਅਧਿਆਪਕਾਂ ਦਾ ਭਵਿੱਖ ਸੁਰੱਖਿਅਤ ਕਰਨਾ ਬਣਦਾ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਦੀ ਆਪ ਸਰਕਾਰ ਵਿਰੋਧਾਭਾਸ ਦੀ ਨੀਤੀ 'ਤੇ ਕੰਮ ਕਰ ਰਹੀ ਹੈ, ਜਿਸ ਅਨੁਸਾਰ ਇੱਕ ਪਾਸੇ ਸਰਕਾਰ ਬਣਨ ਤੋਂ ਪਹਿਲਾਂ ਚੰਡੀਗੜ੍ਹ ਦੇ ਮੁਲਾਜ਼ਮਾਂ ਤੋਂ ਪੰਜਾਬ ਤਨਖ਼ਾਹ ਪੈਟਰਨ ਖੋਹਣ ਮੌਕੇ ਵਿਰੋਧ ਕੀਤਾ ਗਿਆ ਸੀ, ਦੂਜੇ ਪਾਸੇ ਸੂਬੇ ਵਿੱਚ ਸਰਕਾਰ ਬਣਨ ਦੇ ਸਵਾ ਚਾਰ ਸਾਲ ਬੀਤਣ 'ਤੇ ਵੀ ਨਵੇਂ ਮੁਲਾਜ਼ਮਾਂ ਨੂੰ 40 ਫ਼ੀਸਦੀ ਘੱਟ ਤਨਖਾਹ ਸਕੇਲ ਦੇ ਕੇ ਆਰਥਿਕ ਸ਼ੋਸ਼ਣ ਜਾਰੀ ਹੈ, ਸਗੋਂ ਪਿਛਲੇ ਦਿਨੀਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਕੀਤੇ 1007 ਕਰਮਚਾਰੀਆਂ ਦੀ ਵੀ ਇਹਨਾਂ ਸਕੇਲਾਂ ਦੀ ਆੜ ਵਿੱਚ ਤਨਖਾਹ ਕਟੌਤੀ ਕੀਤੀ ਗਈ ਹੈ। ਇਸੇ ਤਰ੍ਹਾਂ ਜਿੱਥੇ ਕੇਂਦਰ ਦੀ ਬੀਜੇਪੀ ਸਰਕਾਰ ਪੁਰਾਣੀ ਪੈਨਸ਼ਨ ਬਹਾਲ ਹੋਣ ਵਿੱਚ ਸਭ ਤੋਂ ਵੱਡੀ ਇਕ ਰੁਕਾਵਟ ਬਣੀ ਹੋਈ ਹੈ, ਉੱਥੇ ਪੰਜਾਬ ਸਰਕਾਰ ਨੇ ਪੁਰਾਣੀ ਪੈਨਸ਼ਨ ਪ੍ਰਣਾਲੀ ਬਹਾਲ ਕਰਨ ਦਾ 18 ਨਵੰਬਰ 2022 ਦਾ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਸਾਲ 1972 ਦੇ ਨਿਯਮਾਂ ਅਨੁਸਾਰ ਜੀਪੀਐਫ ਅਧਾਰਿਤ ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਟਾਲਾ ਵੱਟਿਆ ਹੋਇਆ ਹੈ। ਇਸ ਨਾਲ ਹੀ ਪੰਜਾਬ ਸਰਕਾਰ ਵੱਲੋਂ ਹਲੇ ਤੱਕ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੀ ਪੈਂਡਿੰਗ ਰਿਪੋਰਟ ਵੀ ਜਾਰੀ ਨਹੀਂ ਕੀਤੀ ਹੈ ਸਗੋਂ ਇਸ ਦੀ ਆੜ ਵਿੱਚ ਮੁਲਾਜ਼ਮਾਂ ਦੇ ਭੱਤੇ ਅਤੇ ਏਸੀਪੀ ਦਾ ਲਾਭ ਆਦਿ ਰਿਵਿਊ ਦੇ ਨਾਂ ਹੇਠ ਪਿਛਲੇ ਸਾਢੇ ਚਾਰ ਸਾਲ ਤੋਂ ਰੋਕ ਰੱਖੇ ਹਨ। ਇਸ ਤੋਂ ਇਲਾਵਾ ਹਜ਼ਾਰਾਂ ਕੱਚੇ ਅਧਿਆਪਕਾਂ ਨੂੰ ਐਸੋਸੀਏਟ ਟੀਚਰ ਦਾ ਦਰਜ਼ਾ ਦੇ ਕੇ ਬੁਤਾ ਸਾਰ ਦਿੱਤਾ ਗਿਆ ਹੈ ਅਤੇ ਰੈਗੂਲਰ ਕਰਮਚਾਰੀਆਂ ਦੇ ਲਾਭਾਂ ਤੋਂ ਵਾਂਝੇ ਰੱਖਿਆ ਹੋਇਆ ਹੈ, ਇਸੇ ਤਰ੍ਹਾਂ ਪਿਕਟਸ ਸੋਸਾਇਟੀ ਅਧੀਨ ਸੇਵਾਵਾਂ ਨਿਭਾ ਰਹੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਤੌਰ ਤੇ ਮਰਜ ਨਹੀਂ ਕੀਤਾ ਗਿਆ ਹੈ, ਸਗੋਂ ਲਗਾਤਾਰ ਸ਼ੋਸ਼ਣ ਜਾਰੀ ਹੈ।ਇਸ ਮੌਕੇ ਉਪਰੋਕਤ ਤੋਂ ਇਲਾਵਾ ਅਤਿੰਦਰਪਾਲ ਘੱਗਾ, ਜਸਪਾਲ ਖਾਂਗ, ਸਤਵਿੰਦਰ ਸਿੰਘ ਜਗਤਾਰ ਰਾਮ, ਸੁਨੀਲ ਕੁਮਾਰ ਅਤੇ ਬਖਸੀਸ਼ ਸਿੰਘ ਹਾਜ਼ਰ ਸਨ।

## ਐਸ. ਕੇ. ਐਮ. ਦੇ ਸੱਦੇ 'ਤੇ ਭਾਕਿਯੂ (ਲੱਖੋਵਾਲ) 2 ਜੂਨ ਨੂੰ ਵੱਧ ਚੜ੍ਹ ਕੇ ਲੁਧਿਆਣਾ ਪੁੱਜੇਗੀ - ਢੀਂਡਸਾ ਜ਼ਿਲ੍ਹਾ ਪ੍ਰਧਾਨ



**ਸਮਰਾਲਾ 30 ਮਈ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰ)** ਸੰਯੁਕਤ ਕਿਸਾਨ ਮੋਰਚਾ (ਐਸ. ਕੇ. ਐਮ.) ਦੇ ਸੱਦੇ ਤੇ ਪੰਜਾਬ ਦੀਆਂ ਸਮੂਹ ਕਿਸਾਨ ਜਥੇਬੰਦੀਆਂ 2 ਜੂਨ ਦਿਨ ਮੰਗਲਵਾਰ ਨੂੰ ਹਰੇਕ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਹੀਂ ਕੇਂਦਰ ਨਾਲ ਸਬੰਧਿਤ ਕਿਸਾਨੀ ਮੰਗਾਂ ਸਬੰਧੀ ਮੰਗ ਪੱਤਰ ਦੇਣਗੀਆਂ ਤਾਂ ਜੋ ਕੇਂਦਰ ਸਰਕਾਰ ਕਿਸਾਨਾਂ ਨਾਲ ਕੀਤੇ ਭੁੱਲ ਚੁੱਕੇ ਵਾਅਦਿਆਂ ਨੂੰ ਯਾਦ ਕਰਕੇ ਉਨ੍ਹਾਂ ਨੂੰ ਪੂਰਾ ਕਰੇ। ਇਸ ਦੀ ਤਿਆਰੀ ਸਬੰਧੀ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਬਲਾਕ ਸਮਰਾਲਾ ਦੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਦੇ ਗ੍ਰਹਿ ਪਿੰਡ ਢੀਂਡਸਾ ਵਿਖੇ ਕੀਤੀ ਗਈ। ਮੀਟਿੰਗ ਸਬੰਧੀ ਜਾਣਕਾਰੀ ਦਿੰਦੇ ਹੋਏ ਮਨਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਬੀ. ਕੇ. ਯੂ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਨਾਲ ਸਬੰਧਿਤ ਸਾਰੇ ਬਲਾਕਾਂ ਦੇ ਆਹੁਦੇਦਾਰ, ਵਰਕਰ ਵੱਡੀ ਗਿਣਤੀ ਵਿੱਚ ਪੁੱਜ ਕੇ ਡਿਪਟੀ ਕਮਿਸ਼ਨਰ ਲੁਧਿਆਣਾ ਰਾਹੀਂ ਕੇਂਦਰ ਸਰਕਾਰ ਨੂੰ ਕਿਸਾਨੀ ਮੰਗਾਂ ਸਬੰਧੀ ਮੰਗ ਪੱਤਰ ਭੇਜਣਗੇ। ਮੰਗਾਂ ਸਬੰਧੀ ਦੱਸਦਿਆਂ ਉਨ੍ਹਾਂ ਕਿਹਾ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਸਥਾਈ ਮੈਂਬਰਸ਼ਿਪ ਬਹਾਲ ਕੀਤੀ ਜਾਵੇ, ਡੀਜ਼ਲ- ਪੈਟਰੋਲ- ਗੈਸ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ, ਯੂਰੀਆ- ਡੀ. ਏ. ਪੀ. ਖਾਦ ਦੀ ਸਪਲਾਈ ਯਕੀਨੀ ਬਣਾਈ ਜਾਵੇ, ਹੱਦ ਕਰਜੇ ਵਿੱਚ ਕੀਤਾ ਵਾਧਾ ਬਹਾਲ ਕਰਕੇ ਫੰਡ ਜਾਰੀ ਕੀਤਾ ਜਾਵੇ, ਅਮਰੀਕਾ ਨਾਲ ਕਰ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਕਿਸਾਨਾਂ ਦੀਆਂ ਫਸਲਾਂ ਦਾ ਮੁੱਲ ਸਵਾਮੀਨਾਥਨ ਰਿਪੋਰਟ ਮੁਤਾਬਿਕ ਤਹਿ ਕੀਤਾ ਜਾਵੇ, ਕਿਸਾਨ- ਮਜ਼ਦੂਰ ਨੂੰ 10,000 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਲਾਗੂ ਕੀਤੀ ਜਾਵੇ, ਬਿਜਲੀ ਸੋਧ ਬਿੱਲ 2025 ਵਾਪਸ ਲਿਆ ਜਾਵੇ, ਫਸਲੀ ਬੀਮਾ ਕੀਤਾ ਜਾਵੇ, ਹੜ੍ਹਾਂ ਦੀ ਰੋਕਥਾਮ ਕੀਤੀ ਜਾਵੇ, ਨਵੀਂ ਖੇਤੀ ਨੀਤੀ ਖਰੜੇ ਨੂੰ ਸਰਕਾਰ ਰੱਦ ਕਰੇ, ਪਾਕਿਸਤਾਨ ਦਾ ਬਾਰਡਰ ਖੋਲ ਕੇ ਸੜਕੀ-ਰੇਲ ਵਪਾਰ ਸ਼ੁਰੂ ਕੀਤਾ ਜਾਵੇ, ਐਮ. ਐਸ. ਪੀ. ਕਾਨੂੰਨ ਬਣਾਇਆ ਜਾਵੇ ਆਦਿ ਤੋਂ ਇਲਾਵਾ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਲੁਧਿਆਣਾ ਜ਼ਿਲ੍ਹੇ ਦੇ ਸਾਰੇ ਬਲਾਕ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਕਿ ਹਰੇਕ ਬਲਾਕ ਵਿੱਚੋਂ ਕਿਸਾਨ-ਮਜ਼ਦੂਰ ਨਾਲ ਲੈ ਕੇ ਵੱਡੀ ਗਿਣਤੀ ਵਿੱਚ 2 ਜੂਨ ਦਿਨ ਮੰਗਲਵਾਰ ਨੂੰ ਲੁਧਿਆਣਾ ਵਿਖੇ ਪਹੁੰਚਣ। ਮੀਟਿੰਗ ਵਿੱਚ ਭਾਗ ਲੈਣ ਵਾਲਿਆਂ ਵਿੱਚ ਉਪਰੋਕਤ ਤੋਂ ਇਲਾਵਾ ਹਰਦੀਪ ਸਿੰਘ ਭਰਥਲਾ, ਹਰਪ੍ਰੀਤ ਸਿੰਘ ਗੜ੍ਹੀ ਤਰਖਾਣਾ, ਸੁਰਿੰਦਰ ਸਿੰਘ ਭਰਥਲਾ ਸਾਰੇ ਮੀਤ ਪ੍ਰਧਾਨ ਲੁਧਿਆਣਾ, ਦਲਜੀਤ ਸਿੰਘ ਉਰਨਾਂ ਜਨਰਲ ਸਕੱਤਰ ਬਲਾਕ ਸਮਰਾਲਾ, ਬਲਜਿੰਦਰ ਸਿੰਘ ਹਰਿਓਂ, ਬਹਾਦਰ ਸਿੰਘ ਪਪੜੌਦੀ, ਹਰਪਾਲ ਸਿੰਘ, ਮੇਜਰ ਸਿੰਘ ਬੰਬਾ ਮੀਤ ਪ੍ਰਧਾਨ ਬਲਾਕ ਸਮਰਾਲਾ, ਕਮਿੱਕਰ ਸਿੰਘ ਢੀਂਡਸਾ, ਕਸ਼ਮੀਰਾ ਸਿੰਘ ਮਾਦਪੁਰ, ਕੈਪਟਨ ਗੁਰਚਰਨ ਸਿੰਘ, ਨੰਬਰਦਾਰ ਦਲਜੀਤ ਸਿੰਘ ਮੁੱਤੋਂ ਆਦਿ ਤੋਂ ਇਲਾਵਾ ਹੋਰ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

## ਵਿਆਨਾ (ਆਸਟਰੀਆ) 'ਚ ਅਮਰ ਸ਼ਹੀਦ ਸੰਤ ਰਾਮਾਨੰਦ ਜੀ ਦੇ ਬਰਸੀ ਸਮਾਗਮ 'ਚ ਸ਼ਾਮਿਲ ਹੋਣ ਲਈ ਬਰੇਸ਼ੀਆ ਦੀ ਸੰਗਤ ਰਵਾਨਾ-ਅਮਰੀਕ ਲਾਲ ਦੋਲੀਕ





**ਰੋਮ (ਇਟਲੀ), 30 ਮਈ (ਮਨਜੀਤ ਕੌਰ ਜਗਤਪੁਰ)**- ਰਵਿਦਾਸੀਆ ਕੌਮ ਦੇ ਮਹਾਨ ਸਿਰਮੌਰ ਅਮਰ ਸ਼ਹੀਦ ਸੰਤ ਰਾਮਾਨੰਦ ਜੀ ਬੱਲਾਂ ਵਾਲੇ ਜਿਨਾਂ ਨੇ ਆਪਣਾ ਸਮੁੱਚਾ ਜੀਵਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ ਹਿੱਤ ਸਮਰਪਿਤ ਕੀਤਾ ਅਤੇ ਉਹ ਬਾਣੀ ਦੇ ਪ੍ਰਚਾਰ ਕਰਨ ਲਈ ਆਏ ਵਿਆਨਾ ਚ ਜਿੱਥੇ ਉਹਨਾਂ ਨੂੰ ਇੱਕ ਸਮਾਗਮ ਦੌਰਾਨ ਕੌਮ ਦੇ ਦੋਖੀਆਂ ਨੇ ਗੋਲੀਆਂ ਮਾਰੀਆਂ ਤੇ ਸੰਤ ਰਾਮਾਨੰਦ ਜੀ ਸ਼ਹਾਦਤ ਦਾ ਜਾਮ ਪੀ ਗਏ। ਉਹਨਾਂ ਦਾ ਸ਼ਹੀਦੀ ਦਿਨ ਆਸਟਰੀਆ ਵਿੱਚ ਵੱਡੇ ਪੱਧਰ ਤੇ ਮਨਾਇਆ ਜਾ ਰਿਹਾ ਹੈ ਜਿਸ ਵਿੱਚ ਯੂਰਪ ਦੀਆਂ ਸੰਗਤਾਂ ਹੁੰਮ -ਹੁੰਮਾ ਕੇ ਪਹੁੰਚ ਰਹੀਆਂ ਹਨ ।ਇਸ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਇਟਲੀ ਤੋਂ ਸ੍ਰੀ ਅਮਰੀਕ ਲਾਲ ਦੌਲੀਕੇ ਮੀਤ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਟੈਂਪਲ ਮਨੈਰਬੀਓ ਬਰੇਸ਼ੀਆ ਦੀ ਸਰਪ੍ਰਸਤੀ ਹੇਠ ਸੰਗਤਾਂ ਵਿਆਨਾ ਲਈ ਰਵਾਨਾ ਹੋਈਆਂ। ਇਸ ਮੌਕੇ ਤੇ ਜਸਵਿੰਦਰ ਜੱਸੀ, ਬਰਿੰਦਰ, ਰਾਮ ਬਾਬੂ, ਅਮਰ ਚੰਦ, ਸੋਨੂ ਮਾਹੀ, ਗੁਰਪ੍ਰਤਾਪ ਢਿੱਲੋਂ ਸਾਹਿਬ ਅਤੇ ਬਿੰਦਰ ਆਦਿ ਨਾਲ ਸਨ।

## ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਤਹਿਤ ਸੋਧੀ ਸਮਾਂ ਸਾਰਣੀ ਜਾਰੀ: ਜ਼ਿਲ੍ਹਾ ਚੋਣਕਾਰ ਅਫ਼ਸਰ

### *ਵੋਟਰ ਸੂਚੀ ਦਾ ਖਰੜਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ, ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ, ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਕੀਤੀ ਜਾਵੇਗੀ ਤਸਦੀਕ*



**ਸ੍ਰੀ ਮੁਕਤਸਰ ਸਾਹਿਬ, 30 ਮਈ (ਮਾਲਵਾ ਬਾਣੀ)** ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਬਰੀਕੀ ਨਾਲ ਸੁਧਾਈ ਦੀ ਸੋਧੀ ਹੋਈ ਸਮਾਂ ਸਾਰਣੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਰੀ ਪ੍ਰੋਗਰਾਮ ਅਨੁਸਾਰ 1 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦਿਆਂ ਵੋਟਰ ਸੂਚੀਆਂ ਦੀ ਮੁੜ ਜਾਂਚ ਅਤੇ ਅਪਡੇਟ ਕਰਨ ਦੀ ਕਾਰਵਾਈ ਵਿੱਢੀ ਜਾਵੇਗੀ। ਜ਼ਿਲ੍ਹਾ ਚੋਣਕਾਰ ਅਫ਼ਸਰ ਕਮ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ 15 ਜੂਨ ਤੋਂ 24 ਜੂਨ 2026 ਤੱਕ ਤਿਆਰੀ, ਸਿਖਲਾਈ ਅਤੇ ਛਪਾਈ ਦਾ ਕੰਮ ਕੀਤਾ ਜਾਵੇਗਾ, ਜਦਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (ਬੀ.ਐਲ.ਓ) ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਦੀ ਤਸਦੀਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨਗੇ। ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਅਧੀਨ ਹੀ ਪੋਲਿੰਗ ਸਟੇਸ਼ਨਾ ਨੂੰ ਤਰਕ ਸੰਗਤ ਕਰਨ ਦਾ ਕਾਰਜ 24 ਜੁਲਾਈ 2026 ਤੱਕ ਕੀਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਕਿਸੇ ਪੋਲਿੰਗ ਸਟੇਸ਼ਨ ਤੇ ਵੋਟਰਾਂ ਦੀ ਗਿਣਤੀ 1200 ਤੋਂ ਵੱਧ ਨਾ ਹੋਵੇ। 3 ਅਗਸਤ 2026 ਨੂੰ ਖਰੜਾ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ, ਜਦਕਿ ਇਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕੁੱਲ 753 ਬੂਥਾਂ 'ਤੇ 753 ਬੀ.ਐਲ.ਓਜ਼. 81 ਬੀ.ਐਲ.ਓ. ਸੁਪਰਵਾਈਜ਼ਰ ਅਤੇ 4 ਚੋਣਕਾਰ ਰਜਿਸ਼ਰਸਨ ਅਫ਼ਸਰ, 8 ਸਹਾਇਕ ਚੋਣਕਾਰ ਰਜਿਸ਼ਟਰੇਸ਼ਨ ਅਫ਼ਸਰ ਲਗਾਏ ਗਏ ਹਨ। ਜ਼ਿਲ੍ਹੇ ਵਿੱਚ 6,93,302 ਵੋਟਰਾਂ ਵਿੱਚੋਂ 6,40,274 ਵੋਟਰ 2003 ਦੀ ਵੋਟਰ ਸੂਚੀ ਨਾਲ ਮੈਪ ਕਰ ਦਿੱਤੇ ਗਏ ਹਨ, ਜੋ ਕਿ ਤਕਰੀਬਨ 92.35 ਪ੍ਰਤੀਸ਼ਤ ਬਣਦਾ ਹੈ। ਓਹਨਾਂ ਕਿਹਾ ਕਿ ਜੇਕਰ ਕੋਈ ਵੋਟਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਅਧੀਨ ਐਨੂਮਿਰੇਸ਼ਨ ਫਾਰਮ ਨਹੀ ਭਰਦਾ ਹੈ ਤਾ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀ ਕੀਤਾ ਜਾਵੇਗਾ ਜੋ ਮਿਤੀ 03.08.2026 ਨੂੰ ਪ੍ਰਕਾਸਿਤ ਕੀਤੀ ਜਾਵੇਗੀ। ਮੈਪ ਹੋ ਚੁੱਕੇ ਵੋਟਰਾਂ ਨੂੰ ਵੀ ਐਨੂਮਿਰੇਸ਼ਨ ਫਾਰਮ ਭਰਨਾ ਜ਼ਰੂਰੀ ਹੈ। ਓਹਨਾਂ ਦੱਸਿਆ ਕਿ ਬੀ.ਐਲ.ਓਜ਼. ਲਈ ਮਿਤੀ 16 ਜੂਨ 2026 ਤੋਂ ਮਿਤੀ 20 ਜੂਨ 2026 ਤੱਕ ਸਪੈਸਲ ਟਰੇਨਿੰਗ ਰੱਖੀ ਗਈ ਹੈ। ਇਸ ਦੇ ਨਾਲ ਨਾਲ ਰਾਜਨੀਤਿਕ ਪਾਰਟੀਆਂ ਨੂੰ ਬੀ.ਐਲ.ਏ. ਨਿਯੁਕਤ ਕਰਨ ਲਈ ਅਪੀਲ ਕੀਤੀ ਜਾਂਦੀ ਹੈ। ਐਸ ਆਈ ਆਰ ਦੌਰਾਨ ਵੋਟਰਾਂ ਨੂੰ ਆਪਣੀ ਯੋਗਤਾ ਸਾਬਤ ਕਰਨ ਲਈ ਬੀ.ਐਲ.ਓ. ਨੂੰ ਨਿਰਧਾਰਤ ਦਸਤਾਵੇਜ਼ ਜਮ੍ਹਾਂ ਕਰਵਾਉਣੇ ਹੋਣਗੇ। ਇਨ੍ਹਾਂ ਵਿੱਚ ਜਨਮ ਸਰਟੀਫਿਕੇਟ, ਪਾਸਪੋਰਟ, ਮੈਟ੍ਰਿਕ/ਵਿਦਿਅਕ ਸਰਟੀਫਿਕੇਟ, ਸਥਾਈ ਨਿਵਾਸ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਸਰਕਾਰੀ ਕਰਮਚਾਰੀ ਜਾਂ ਪੈਨਸ਼ਨਰ ਪਛਾਣ ਪੱਤਰ, ਸਰਕਾਰੀ ਅਥਾਰਟੀ ਵੱਲੋਂ ਜਾਰੀ ਹੋਰ ਪਛਾਣ ਦਸਤਾਵੇਜ਼, ਜ਼ਮੀਨ ਜਾਂ ਮਕਾਨ ਅਲਾਟਮੈਂਟ ਸਰਟੀਫਿਕੇਟ ਆਦਿ ਸ਼ਾਮਲ ਹਨ। ਓਹਨਾਂ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵੇਰਵਿਆਂ ਦੀ ਤਸਦੀਕ ਕਰਵਾਉਣ ਅਤੇ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਬੀ.ਐਲ.ਓ. ਨੂੰ ਮੁਹੱਈਆ ਕਰਵਾਉਣ, ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਬਣਾਇਆ ਜਾ ਸਕੇ। ਇਸ ਸਬੰਧੀ ਵਧੇਰੇ ਜਾਣਕਾਰੀ ਵੋਟਰ ਹੈਲਪਲਾਈਨ ਨੰਬਰ 1950 'ਤੇ ਪ੍ਰਾਪਤ ਕੀਤੀ ਜਾ ਸਕਦੀ ਹੈ।

## ਵਾਰਡ ਨੰ. 3 ਤੋਂ ਸ਼ਿੰਦੂ ਭੱਟੀ ਦੀ ਧਰਮਪਤਨੀ ਦਰਸ਼ਨਾ ਭੱਟੀ ਨੇ ਜਿੱਤਿਆ ਚੋਣ ਮੈਦਾਨ

### ਪਰਮਾਤਮਾ ਦਾ ਓਟ ਆਸਰਾ ਲੈ ਕੇ ਚੱਲੇ ਸੀ, ਰਹਿਮਤ ਸਦਕਾ ਚੋਣ ਮੈਦਾਨ ਫਤਿਹ ਹੋਇਆ : ਦਰਸ਼ਨਾ ਭੱਟੀ



**ਕੋਟ ਈਸੇ ਖਾਂ, 30 ਮਈ (ਅਰੋੜਾ)** ਨਗਰ ਪੰਚਾਇਤ ਚੋਣਾਂ ਦੌਰਾਨ ਵਾਰਡ ਨੰਬਰ 03 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਦਰਸ਼ਨਾ ਭੱਟੀ ਪਤਨੀ ਸ਼ਿੰਦੂ ਭੱਟੀ ਨੇ ਸ਼ਾਨਦਾਰ ਜਿੱਤ ਦਰਜ ਕਰਦਿਆਂ ਆਪਣੇ ਵਿਰੋਧੀਆਂ ਨੂੰ ਪਿੱਛੇ ਛੱਡ ਦਿੱਤਾ। ਜਿੱਤ ਦੀ ਖ਼ਬਰ ਮਿਲਦਿਆਂ ਹੀ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਅਤੇ ਇਲਾਕੇ ਵਿੱਚ ਵਧਾਈਆਂ ਦਾ ਸਿਲਸਿਲਾ ਸ਼ੁਰੂ ਹੋ ਗਿਆ।ਚੋਣ ਜਿੱਤਣ ਉਪਰੰਤ ਦਰਸ਼ਨਾ ਭੱਟੀ ਅਤੇ ਸ਼ਿੰਦੂ ਭੱਟੀ ਨੇ ਸਮੂਹ ਵੋਟਰਾਂ, ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਰਮਾਤਮਾ ਦਾ ਓਟ ਆਸਰਾ ਲੈ ਕੇ ਚੋਣ ਮੈਦਾਨ ਵਿੱਚ ਉਤਰੇ ਸਨ ਅਤੇ ਲੋਕਾਂ ਦੇ ਪਿਆਰ ਤੇ ਰਹਿਮਤ ਸਦਕਾ ਇਹ ਫਤਿਹ ਹਾਸਲ ਹੋਈ ਹੈ। ਉਨ੍ਹਾਂ ਕਿਹਾ ਕਿ ਵੋਟਰਾਂ ਵੱਲੋਂ ਦਿੱਤੇ ਗਏ ਮਾਨ-ਸਤਿਕਾਰ ਨੂੰ ਹਮੇਸ਼ਾਂ ਯਾਦ ਰੱਖਿਆ ਜਾਵੇਗਾ ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਵਾਰਡ ਦੇ ਵਿਕਾਸ ਲਈ ਦਿਨ-ਰਾਤ ਮਿਹਨਤ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਲਾਕੇ ਦੀਆਂ ਮੁੱਢਲੀਆਂ ਸਮੱਸਿਆਵਾਂ ਦਾ ਹੱਲ ਕਰਨਾ ਉਹਨਾਂ ਦੀ ਪਹਿਲੀ ਤਰਜੀਹ ਹੋਵੇਗੀ।ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਜਿੱਤ ਦੀ ਖ਼ੁਸ਼ੀ ਵਿੱਚ ਜਸ਼ਨ ਮਨਾਇਆ।

## ਕਪੂਰ ਚੰਦ ਬਾਂਸਲ ਨੂੰ ਵਾਰਡ ਨੰਬਰ 6 ਤੋਂ ਜੇਤੂ ਰਹਿਣ 'ਤੇ ਮਿਲਿਆ ਜਿੱਤ ਦਾ ਸਰਟੀਫਿਕੇਟ



**ਸਮਾਣਾ, 30 ਮਈ (ਮਾਲਵਾ ਬਾਣੀ)** ਸਮਾਣਾ ਨਗਰ ਕੌਂਸਲ ਦੀਆਂ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਅੱਜ ਵਾਰਡ ਨੰਬਰ ਛੇ ਤੋਂ ਆਮ ਆਦਮੀ ਪਾਰਟੀ (ਆਪ) ਦੇ ਜੇਤੂ ਉਮੀਦਵਾਰ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਸ੍ਰੀ ਤਰੁਣ ਕੁਮਾਰ ਵੱਲੋਂ ਅਧਿਕਾਰਤ ਤੌਰ 'ਤੇ ਜਿੱਤ ਦਾ ਸਰਟੀਫਿਕੇਟ ਸੌਂਪਿਆ ਗਿਆ। ਇਸ ਖ਼ਾਸ ਮੌਕੇ 'ਤੇ ਬਾਂਸਲਜ਼ ਗਰੁੱਪ ਸੂਲਰ ਘਰਾਟ ਦੇ ਐਮ.ਡੀ. ਸ੍ਰੀ ਸੰਜੀਵ ਬਾਂਸਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਰਟੀਫਿਕੇਟ ਹਾਸਲ ਕਰਨ ਮੌਕੇ ਸ੍ਰੀ ਕਪੂਰ ਚੰਦ ਬਾਂਸਲ ਨੇ ਵਾਰਡ ਨੰਬਰ 6 ਦੇ ਸਮੂਹ ਵੋਟਰਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਵਾਰਡ ਦੇ ਲੋਕਾਂ ਨੇ ਜਿਸ ਭਰੋਸੇ ਨਾਲ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੱਤਾ ਹੈ ਉਹ ਸ੍. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਅਤੇ ਸ੍. ਸੁਰਜੀਤ ਸਿੰਘ ਰੱਖੜਾ ਸਾਬਕਾ ਕੈਬਨਿਟ ਮੰਤਰੀ ਦੇ ਸਹਿਯੋਗ ਨਾਲ ਉਸ ਭਰੋਸੇ 'ਤੇ ਪੂਰਾ ਉਤਰਨਗੇ ਅਤੇ ਵਾਰਡ ਦੇ ਵਿਕਾਸ ਕਾਰਜਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਪਹਿਲ ਦੇ ਆਧਾਰ 'ਤੇ ਕਰਵਾਉਣਗੇ। ਉਹਨਾਂ ਸਮੂਹ ਸਮਾਣਾ ਨਿਵਾਸੀਆਂ ਦਾ ਸ਼੍. ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਵਿੱਚ ਪੂਰਨ ਬਹੁਮਤ ਦੇਣ ਤੇ ਵੀ ਧੰਨਵਾਦ ਕੀਤਾ। ਇਸ ਮੌਕੇ ਪਾਰਟੀ ਦੇ ਹੋਰ ਆਗੂ ਸੁੱਖੀ ਰੱਖੜਾ, ਗੁਲਸ਼ਨ ਵਰਮਾ,ਅਰੁਣ ਬਾਂਸਲ, ਸਾਹਿਲ ਗਰਗ, ਹੁਸਨਦੀਪ ਬਾਂਸਲ, ਅੰਮ੍ਰਿਤ ਲਾਲ, ਆਸ਼ੂ ਦੋਦੜਾ, ਗੁਰਮੁਖ ਸਿੰਘ, ਰੋਹਿਤ ਕਰਹਾਲੀ, ਵਿੱਕੀ ਕਕਰਾਲਾ, ਸੋਨੀ ਦਿਆਲਗੜ੍ਹ, ਮੋਹਿਤ, ਆਸ਼ੂ ਗਰਗ, ਰੋਕੀ, ਸ਼ੰਟੀ,ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ, ਜਿਨ੍ਹਾਂ ਨੇ ਜੇਤੂ ਕਪੂਰ ਚੰਦ ਬਾਂਸਲ ਪ੍ਰਧਾਨ ਨੂੰ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ।

## ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਬਣਨ 'ਤੇ ਸੰਗਰੂਰ ਦੇ ਭਾਜਪਾ ਆਗੂਆਂ ਵੱਲੋਂ ਮੁਬਾਰਕਬਾਦ



**ਸੰਗਰੂਰ, 30 ਮਈ (ਰਾਜ ਖੁਰਮੀ)** ਭਾਰਤੀ ਜਨਤਾ ਪਾਰਟੀ ਦੇ ਨਵ-ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਵਧਾਈਆਂ ਦੇਣ ਲਈ ਹਲਕਾ ਸੰਗਰੂਰ ਦੇ ਭਾਜਪਾ ਆਗੂਆਂ ਦਾ ਇੱਕ ਵਫ਼ਦ ਉਨ੍ਹਾਂ ਦੀ ਰਿਹਾਇਸ਼ ਵਿਖੇ ਪਹੁੰਚਿਆ। ਇਸ ਮੌਕੇ ਆਗੂਆਂ ਨੇ ਕੇਵਲ ਸਿੰਘ ਢਿੱਲੋਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਅਤੇ ਮੂੰਹ ਮਿੱਠਾ ਕਰਵਾ ਕੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਵਫ਼ਦ ਵਿੱਚ ਗੁਰਤੇਜ ਸਿੰਘ ਝਨੇੜੀ ਕਨਵੀਨਰ ਟਰਾਂਸਪੋਰਟ ਸੈੱਲ ਭਾਜਪਾ ਪੰਜਾਬ ਅਤੇ ਡਾਇਰੈਕਟਰ ਐਫ.ਸੀ.ਆਈ. ਪੰਜਾਬ, ਰਾਮ ਸਿੰਘ ਮੱਟਰਾਂ ਮੀਤ ਪ੍ਰਧਾਨ ਕਿਸਾਨ ਮੋਰਚਾ ਪੰਜਾਬ, ਕਰਮ ਲਹਿਲ ਯੂਵਾ ਆਗੂ, ਪਰਮਜੀਤ ਸ਼ਰਮਾ ਮੰਡਲ ਪ੍ਰਧਾਨ ਘਰਾਚੋਂ, ਜਗਸੀਰ ਸਿੰਘ ਖੇੜੀ ਚੰਦਵਾਂ ਮੰਡਲ ਪ੍ਰਧਾਨ ਦਿਹਾਤੀ ਸੰਗਰੂਰ, ਸੁਰੇਸ਼ ਬੇਦੀ, ਸੁਰਜੀਤ ਸਿੰਘ ਸਿੱਧੂ ਸੰਗਰੂਰ ਅਤੇ ਨਿਰਭੈ ਸਿੰਘ ਛੰਨਾ ਸਮੇਤ ਹੋਰ ਭਾਜਪਾ ਵਰਕਰ ਸ਼ਾਮਲ ਸਨ।ਇਸ ਮੌਕੇ ਗੁਰਤੇਜ ਸਿੰਘ ਝਨੇੜੀ ਅਤੇ ਹੋਰ ਆਗੂਆਂ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਦੇ ਪੰਜਾਬ ਭਾਜਪਾ ਦੀ ਕਮਾਨ ਸੰਭਾਲਣ ਨਾਲ ਪਾਰਟੀ ਨੂੰ ਨਵੀਂ ਦਿਸ਼ਾ ਅਤੇ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਢਿੱਲੋਂ ਇੱਕ ਤਜਰਬੇਕਾਰ, ਲੋਕਪ੍ਰਿਯ ਅਤੇ ਜ਼ਮੀਨੀ ਪੱਧਰ ਨਾਲ ਜੁੜੇ ਹੋਏ ਆਗੂ ਹਨ, ਜਿਨ੍ਹਾਂ ਦੀ ਅਗਵਾਈ ਹੇਠ ਪੰਜਾਬ ਵਿੱਚ ਭਾਜਪਾ ਦਾ ਸੰਗਠਨ ਹੋਰ ਮਜ਼ਬੂਤ ਹੋਵੇਗਾ ਅਤੇ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।ਕੇਵਲ ਸਿੰਘ ਢਿੱਲੋਂ ਨੇ ਆਏ ਹੋਏ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ ਅਤੇ ਪੰਜਾਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਵਰਗ ਨੂੰ ਨਾਲ ਲੈ ਕੇ ਚੱਲਣਗੇ।

## ਦਾ ਕੈਨੇਡੀਅਨਜ ਦੇ ਵਿਦਿਆਰਥੀ ਅਕਾਸ਼ਦੀਪ ਸਿੰਘ ਨੇ ਓਵਰਆਲ 66 ਸਕੋਰ ਪ੍ਰਾਪਤ ਕੀਤੇ



**ਗਿੱਦੜਬਾਹਾ 30 ਮਈ (ਕੁਲਭੂਸ਼ਨ ਗਰਗ)** ਦਾ ਕੈਨੇਡੀਅਨਜ ਗਿੱਦੜਬਾਹਾ ਦੇ ਵਿਦਿਆਰਥੀ ਅਕਾਸ਼ਦੀਪ ਸਿੰਘ ਪੁੱਤਰ ਅਮਰਦੀਪ ਸਿੰਘ ਵਾਸੀ ਪਿੰਡ ਥਰਾਜਵਾਲਾ ਨੇ ਪੀ.ਟੀ.ਈ. ਵਿੱਚੋਂ ਓਵਰਆਲ 66 ਸਕੋਰ ਪ੍ਰਾਪਤ ਕਰਕੇ ਆਪਣੇ ਪਰਿਵਾਰ, ਪਿੰਡ ਅਤੇ ਦਾ ਕੈਨੇਡੀਅਨਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਦਾ ਕੈਨੇਡੀਅਨਜ ਇੰਮੀਗ੍ਰੇਸ਼ਨ ਕੰਸਲਟੈਂਸੀ ਦੇ ਰਾਜੀਵ ਗਿਲਹੋਤਰਾ ਅਤੇ ਰੀਨਾ ਗਿਲਹੋਤਰਾ ਨੇ ਦੱਸਿਆ ਕਿ ਅਕਾਸ਼ਦੀਪ ਸਿੰਘ ਨੂੰ ਦਾ ਕੈਨੇਡੀਅਨਜ ਦੇ ਅਧਿਆਪਕਾਂ ਵੱਲੋਂ ਰੋਜ਼ਾਨਾ ਅਭਿਆਸ, ਨਵੇਂ ਤਰੀਕਿਆਂ ਨਾਲ ਸਿਖਲਾਈ ਅਤੇ ਲਗਾਤਾਰ ਪ੍ਰੇਰਣਾ ਦੇਣ ਕਾਰਨ ਅਕਾਸ਼ਦੀਪ ਸਿੰਘ ਨੇ ਇਹ ਸ਼ਾਨਦਾਰ ਸਕੋਰ ਹਾਸਲ ਕੀਤਾ। ਉਨ੍ਹਾਂ ਕਿਹਾ ਕਿ ਦਾ ਕੈਨੇਡੀਅਨਜ ਹਮੇਸ਼ਾਂ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਅਤੇ ਸਹੀ ਮਾਰਗਦਰਸ਼ਨ ਦੇਣ ਲਈ ਵਚਨਬੱਧ ਹੈ ਤਾਂ ਜੋ ਉਹ ਆਪਣੇ ਸੁਪਨੇ ਸਾਕਾਰ ਕਰ ਸਕਣ। ਅਕਾਸ਼ਦੀਪ ਸਿੰਘ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਤਾ-ਪਿਤਾ, ਅਧਿਆਪਕਾਂ ਅਤੇ ਦਾ ਕੈਨੇਡੀਅਨਜ ਨੂੰ ਦਿੱਤਾ। ਉਸਨੇ ਕਿਹਾ ਕਿ ਉਸਦਾ ਵਿਦੇਸ਼ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਦਾ ਸੁਪਨਾ ਸੀ, ਜਿਸ ਨੂੰ ਪੂਰਾ ਕਰਨ ਲਈ ਉਸਨੇ ਪੂਰੀ ਲਗਨ ਅਤੇ ਮਿਹਨਤ ਨਾਲ ਤਿਆਰੀ ਕੀਤੀ। ਉਸਨੇ ਹੋਰ ਵਿਦਿਆਰਥੀਆਂ ਨੂੰ ਵੀ ਸੰਦੇਸ਼ ਦਿੱਤਾ ਕਿ ਮਿਹਨਤ ਅਤੇ ਆਤਮ ਵਿਸ਼ਵਾਸ ਨਾਲ ਹਰ ਟੀਚਾ ਹਾਸਲ ਕੀਤਾ ਜਾ ਸਕਦਾ ਹੈ। ਇਸ ਮੌਕੇ ਅਕਾਸ਼ਦੀਪ ਸਿੰਘ ਦੇ ਦਾਦੀ ਸੁਖਵੀਰ ਕੌਰ ਵੀ ਮੌਜੂਦ ਸਨ। ਇਸ ਮੌਕੇ ਮੁਸਕਾਨ ਅਰੋੜਾ, ਰਵਨੀਤ ਸ਼ਰਮਾਂ, ਸੁਮਨ ਰਾਣੀ, ਪਿਰਯੰਕਾ ਰਾਣੀ, ਦੀਕਸ਼ਾ ਗਰੋਵਰ, ਸੁਖਮਨ ਭੁੱਲਰ, ਗੀਤੂ ਮਸੌਣ, ਸੰਦੀਪ ਰੁਪਾਲ, ਲਖਵੀਰ ਚੋਟੀਆਂ, ਗੁਰਪ੍ਰੀਤ ਕੌਰ ਅਤੇ ਰਾਣੀ ਆਦਿ ਵੀ ਹਾਜਰ ਸਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਜੋੜ ਮੇਲਾ ਮਨਾਇਆ



**ਅੰਮ੍ਰਿਤਸਰ, 30 ਮਈ (ਸੋਨੂ ਨਰੂਲਾ)** ਗੁਰਦੁਆਰਾ ਬਾਬਾ ਕਪੂਰ ਸਿੰਘ (ਸੜਕ ਵਾਲਾ) ਲੋਪੋਕੇ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲਾ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸਜੇ ਦੀਵਾਨ ਵਿੱਚ ਕਵੀਸ਼ਰੀ ਜਥਾ ਭਾਈ ਗੁਰਕੀਰਤ ਸਿੰਘ ਡਬਲ ਐਮ.ਏ. , ਭਾਈ ਬਲਬੀਰ ਸਿੰਘ ਪਾਰਸ ਦਾ ਇੰਟਰਨੈਸ਼ਨਲ ਢਾਡੀ ਜਥਾ , ਭਾਈ ਬਲਦੇਵ ਸਿੰਘ ਹਜੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ ਜੀ, ਕਥਾ ਵਾਚਕ ਭਾਈ ਦਵਿੰਦਰ ਸਿੰਘ ਸੋਨੂ, ਭਾਈ ਸੁਖਦੇਵ ਸਿੰਘ ਬੂਹ ਦਾ ਢਾਡੀ ਜਥਾ, ਭਾਈ ਸੁਖਬੀਰ ਸਿੰਘ ਦਾ ਕਵੀਸ਼ਰੀ ਜਥਾ, ਭਾਈ ਸਤਨਾਮ ਸਿੰਘ ਲਾਲੂ ਘੁੰਮਣ ਇੰਟਰਨੈਸ਼ਨਲ ਢਾਡੀ ਜਥੇ ਨੇ ਜੁੜੀ ਸੰਗਤ ਨੂੰ ਯੋਧਿਆ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸਟੇਜ ਸੈਕਟਰੀ ਦੀ ਜਿੰਮੇਵਾਰੀ ਪਰਮਪਾਲ ਨੇ ਨਿਭਾਈ। ਬਾਬਾ ਜਰਨੈਲ ਸਿੰਘ ਵੱਲੋਂ ਜਥਿਆਂ ਤੇ ਹੋਰਨਾਂ ਨੂੰ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਰਾਣਾ ਰਣਬੀਰ ਸਿੰਘ ਲੋਪੋਕੇ ਨੇ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਠੰਡੇ ਮਿੱਠੇ ਜਲ, ਕੋਲਡ ਡਰਿੰਕ, ਚਾਹ ਪਕੌੜੇ, ਆਈਸਕ੍ਰੀਮ ਤੇ ਗੁਰੂ ਕੇ ਲੰਗਰ ਅਤੁੱਟ ਵਰਤੇ।

## ਸਰਕਾਰੀ ਹਾਈ ਸਕੂਲ ਚਤਾਮਲੀ ਵਿਖ਼ੇ ਗੁਰਨਾਮ ਸਿੰਘ ਚਨਾਲੋਂ ਵਲੋਂ ਪੰਜਾਹ ਹਜ਼ਾਰ ਦੇ ਨਕਦ ਇਨਾਮ ਦਿੱਤੇ

### ਜਸਬੀਰ ਸਿੰਘ ਸ਼ਾਂਤਪੁਰੀ ਨੇ ਵਿਸ਼ੇਸ਼ ਮਹਿਮਾਨ ਅਤੇ ਸਰਪੰਚ ਬਲਜੀਤ ਸਿੰਘ ਨੇ ਪ੍ਰਧਾਨਗੀ ਕੀਤੀ



**ਮੋਰਿੰਡਾ 30 ਮਈ (ਜਸਬੀਰ ਸਿੰਘ ਸ਼ਾਂਤਪੁਰੀ)** ਸਰਕਾਰੀ ਹਾਈ ਸਕੂਲ ਚਤਾਮਲੀ ਵਿਖੇ ਸਕੂਲ ਦੀ ਸਾਬਕਾ ਹਿੰਦੀ ਅਧਿਆਪਕਾ ਮਰਹੂਮ ਬੀਬੀ ਮਨਜੀਤ ਕੌਰ ਦੀ ਯਾਦ ਵਿੱਚ ਉਹਨਾਂ ਦੇ ਵੱਡੇ ਭਰਾ ਕਰਨਲ ਗੁਰਦੀਪ ਸਿੰਘ ਅਤੇ ਪਰਮਜੀਤ ਸਿੰਘ ਦੀ ਪ੍ਰੇਰਨਾ ਸਦਕਾ ਉਹਨਾਂ ਦੇ ਪਤੀ ਗੁਰਨਾਮ ਸਿੰਘ ਵਲੋਂ ਸਕੂਲ ਦੇ ਸਾਲਾਨਾ ਪ੍ਰੀਖਿਆ ਵਿੱਚੋਂ ਪੁਜੀਸ਼ਨਾ ਪ੍ਰਾਪਤ ਕਰਨ ਵਾਲ਼ੇ ਅਤੇ ਸਕੂਲ ਦੇ ਹੋਰ ਜਰੂਰਤਵੰਦ ਬੱਚਿਆਂ ਪੰਜਾਹ ਹਜ਼ਾਰ ਰੁਪਏ ਦੀ ਰਾਸ਼ੀ ਦੇ ਨਕਦ ਇਨਾਮ ਦਿੱਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਹਰਮੀਤ ਕੌਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਜਸਬੀਰ ਸਿੰਘ ਸ਼ਾਂਤਪੁਰੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ, ਸਮਾਗਮ ਦੀ ਪ੍ਰਧਾਨਗੀ ਪਿੰਡ ਦੇ ਸਰਪੰਚ ਬਲਜੀਤ ਸਿੰਘ ਨੇ ਕੀਤੀ। ਅਧਿਆਪਕ ਦਲ ਦਾ ਸਾਬਕਾ ਆਗੂ ਗੁਰਨਾਮ ਸਿੰਘ ਚਨਾਲੋਂ ਵਲੋਂ ਸਕੂਲ ਦੇ ਹੋਣਹਾਰ ਬੱਚਿਆਂ ਜਿਹਨਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਨ ਵਾਲ਼ੇ ਬੱਚਿਆਂ ਨੌਂ ਹਜ਼ਾਰ, ਦੂਜਾ ਸਥਾਨ ਪ੍ਰਾਪਤ ਕਰਨ ਵਾਲ਼ੇ ਬੱਚਿਆਂ ਨੂੰ ਅੱਠ ਹਜ਼ਾਰ ਰੁਪਏ ਤੀਜੇ ਸਥਾਨ ਤੇ ਰਹਿਣ ਵਾਲ਼ੇ ਬੱਚਿਆਂ ਨੂੰ ਸੱਤ ਹਜ਼ਾਰ ਰੁੱਪੇ ਦਿੱਤੇ ਗਏ। 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲ਼ੇ ਬੱਚੇ ਨੂੰ ਛੇ ਹਜ਼ਾਰ, ਪੰਜ ਹਜ਼ਾਰ, ਪੈਂਤੀ ਸੌ , ਤਿੰਨ ਹਜ਼ਾਰ ਅਤੇ ਪੱਚੀ ਸੌ ਰੁਪਏ ਦਿੱਤੇ ਗਏ। ਜਸਬੀਰ ਸਿੰਘ ਸ਼ਾਂਤਪੁਰੀ ਨੇ ਆਪਣੇ ਸੰਬੋਧਨ ਵਿੱਚ ਗੁਰਨਾਮ ਸਿੰਘ ਚਨਾਲੋਂ ਵਲੋਂ ਆਪਣੀ ਪਤਨੀ ਬੀਬੀ ਮਨਜੀਤ ਕੌਰ ਨੂੰ ਯਾਦ ਇਸ ਤਰ੍ਹਾਂ ਦੇ ਉਪਰਾਲੇ ਨਾਲ ਮਨਾਉਣ ਦੀ ਸ਼ਲਾਘਾ ਕੀਤੀ।ਇਸ ਮੌਕੇ ਪਿੰਡ ਦੇ ਸਰਪੰਚ ਬਲਜੀਤ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਖੁਸ਼ਪ੍ਰੀਤ ਕੌਰ, ਰਾਜਿੰਦਰ ਸਿੰਘ ਪੰਚ ਵਿਨੋਦ ਰਾਣੀ, ਪ੍ਰੇਰਨਾ, ਮਨਦੀਪ ਕੌਰ, ਹਰਪ੍ਰੀਤ ਕੌਰ, ਸਤਿੰਦਰ ਕੌਰ, ਬਲਜਿੰਦਰਪਾਲ ਸਿੰਘ, ਅਮਨਦੀਪ ਸਿੰਘ, ਸਕੂਲ ਦੇ ਬੱਚੇ ਅਤੇ ਉਹਨਾਂ ਦੇ ਮਾਪੇ ਆਦਿ ਹਾਜ਼ਰ ਸਨ।

## ਸੁਰਿੰਦਰ ਕੰਬੋਜ ਨੂੰ ਮਿਲੀ ਵੱਡੀ ਜ਼ਿੰਮੇਵਾਰੀ ਬਣੇ ਹਿਊਮਨ ਰਾਈਟ ਜਸਟਿਸ ਐਂਡ ਵੈਲਫੇਅਰ ਐਸੋਸੀਏਸ਼ਨ ਦੇ ਰਾਸ਼ਟਰੀ ਪ੍ਰਧਾਨ



**ਜਲਾਲਾਬਾਦ 30 ਮਈ (ਗਗਨ ਵਾਟਸ)** ਸਮਾਜ ਸੇਵਾ ਅਤੇ ਮਨੁੱਖੀ ਹੱਕਾਂ ਦੀ ਰੱਖਿਆ ਦੇ ਖੇਤਰ ਵਿੱਚ ਦੇਸ਼ ਭਰ ਅੰਦਰ ਸਰਗਰਮ ਪ੍ਰਮੁੱਖ ਸੰਸਥਾ ਹਿਊਮਨ ਰਾਈਟ ਜਸਟਿਸ ਐਂਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਮੁੱਖ ਦਫ਼ਤਰ ਦਿੱਲੀ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਇੱਕ ਅਹਿਮ ਫੈਸਲਾ ਲੈਂਦਿਆਂ ਸੁਰਿੰਦਰ ਕੰਬੋਜ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਸੰਸਥਾ ਦੀ ਉੱਚ ਲੀਡਰਸ਼ਿਪ ਵਲੋਂ ਉਨ੍ਹਾਂ ਨੂੰ ਰਾਸ਼ਟਰੀ ਪ੍ਰਧਾਨ ਅਤੇ ਹਿਊਮਨ ਰਾਈਟਸ ਜਸਟਿਸ ਐਂਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਗਗਨਦੀਪ ਢਿੱਲੋਂ ਨੂੰ ਐਸ.ਸੀ ਵਿੰਗ ਪੰਜਾਬ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਸੁਰਿੰਦਰ ਕੰਬੋਜ ਦੀ ਇਸ ਵੱਕਾਰੀ ਅਹੁਦੇ 'ਤੇ ਹੋਈ ਨਿਯੁਕਤੀ ਨਾਲ ਸੰਸਥਾ ਦੇ ਅਹੁਦੇਦਾਰਾਂ, ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਖਾਸ ਮੌਕੇ 'ਤੇ ਸੰਸਥਾ ਦੇ ਡਾਇਰੈਕਟਰ ਪਿਯੂਸ਼ ਸ਼ਰਮਾ ਨੇ ਨਵ-ਨਿਯੁਕਤ ਰਾਸ਼ਟਰੀ ਪ੍ਰਧਾਨ ਸੁਰਿੰਦਰ ਕੰਬੋਜ ਅਤੇ ਗਗਨਦੀਪ ਢਿੱਲੋਂ ਨੂੰ ਵਧਾਈ ਦਿੱਤੀ। ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਸੁਰਿੰਦਰ ਕੰਬੋਜ ਲੰਮੇ ਸਮੇਂ ਤੋਂ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਵਿਚ ਮੋਹਰੀ ਹੋ ਕੇ ਯੋਗਦਾਨ ਪਾ ਰਹੇ ਹਨ। ਉਨ੍ਹਾਂ ਦੇ ਵਿਸ਼ਾਲ ਤਜਰਬੇ ਅਤੇ ਬਿਹਤਰ ਲੀਡਰਸ਼ਿਪ ਸਦਕਾ ਸੰਸਥਾ ਨੂੰ ਰਾਸ਼ਟਰੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਚਲਾਈਆਂ ਜਾ ਰਹੀਆਂ ਮੁਹਿੰਮਾਂ ਨੂੰ ਹੁਣ ਇੱਕ ਨਵੀਂ ਅਤੇ ਸਕਾਰਾਤਮਿਕ ਦਿਸ਼ਾ ਮਿਲੇਗੀ। ਆਪਣੀ ਨਿਯੁਕਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਨਵ-ਨਿਯੁਕਤ ਰਾਸ਼ਟਰੀ ਪ੍ਰਧਾਨ ਸੁਰਿੰਦਰ ਕੰਬੋਜ ਨੇ ਸੰਸਥਾ ਦੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦੁਵਾਇਆ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ। ਉਨ੍ਹਾਂ ਸੰਸਥਾ ਦੇ ਮੁੱਖ ਟੀਚਿਆਂ ਨੂੰ ਸਪਸ਼ਟ ਕਰਦਿਆਂ ਕਿਹਾ ਕਿ ਸੰਸਥਾ ਦਾ ਮੁੱਖ ਮਕਸਦ ਸਮਾਜ ਦੇ ਹਰ ਲੋੜਵੰਦ ਅਤੇ ਪੀੜਤ ਵਿਅਕਤੀ ਤੱਕ ਇਨਸਾਫ਼ ਪਹੁੰਚਾਉਣਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਮਾਜ ਦੇ ਗਰੀਬ, ਮਹਿਲਾਵਾਂ, ਬੱਚਿਆਂ, ਬਜ਼ੁਰਗਾਂ ਅਤੇ ਪਿਛੜੇ ਵਰਗਾਂ ਦੇ ਹੱਕਾਂ ਦੀ ਰੱਖਿਆ ਲਈ ਲਗਾਤਾਰ ਵਿਸ਼ੇਸ਼ ਯਤਨ ਕੀਤੇ ਜਾਣਗੇ ਜੇਕਰ ਕਿਸੇ ਵੀ ਨਾਗਰਿਕ ਨਾਲ ਧੱਕਾ, ਜ਼ੁਲਮ ਜਾਂ ਬੇਇਨਸਾਫ਼ੀ ਹੁੰਦੀ ਹੈ ਤਾਂ ਹਿਊਮਨ ਰਾਈਟ ਜਸਟਿਸ ਐਂਡ ਵੈਲਫੇਅਰ ਐਸੋਸੀਏਸ਼ਨ ਉਸ ਦੀ ਢਾਲ ਬਣ ਕੇ ਖੜ੍ਹੇਗੀ ਅਤੇ ਇਨਸਾਫ਼ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇਗੀ। ਸੁਰਿੰਦਰ ਕੰਬੋਜ ਨੇ ਅਖੀਰ ਵਿਚ ਕਿਹਾ ਕਿ ਉਹ ਸੰਸਥਾ ਦੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਨਾਲ ਲੈ ਕੇ ਚੱਲਣਗੇ ਅਤੇ ਲੋਕ ਭਲਾਈ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾਣਗੀਆਂ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਾਰਿਆਂ ਦੇ ਸਹਿਯੋਗ ਨਾਲ ਇੱਕ ਅਜਿਹੇ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ ਜਿੱਥੇ ਹਰ ਨਾਗਰਿਕ ਨੂੰ ਬਰਾਬਰੀ, ਸਨਮਾਨ ਅਤੇ ਸੁਰੱਖਿਆ ਮਿਲ ਸਕੇ।

## ਸਿਲਵਰ ਓਕਸ ਸਕੂਲ ਵਿਖੇ 'ਸਿਨਰਜੀ-2' ਸਮਰ ਕੈਂਪ ਦਾ ਉਤਸ਼ਾਹ ਪੂਰਵਕ ਆਗਾਜ਼





**ਰਾਮਪੁਰਾ ਫੂਲ, 30 ਮਈ (ਮਨਪ੍ਰੀਤ ਮਿੰਟੂ)** ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਲਹਿਰਾਬੇਗਾ ਵੱਲੋਂ ਗਰਮੀ ਦੀਆਂ ਛੁੱਟੀਆਂ ਨੂੰ ਰਚਨਾਤਮਕ ਅਤੇ ਯਾਦਗਾਰ ਬਣਾਉਣ ਲਈ ਅੱਠ ਦਿਨਾਂ ਦਾ "ਸਿਨਰਜੀ-2 ਸਮਰ ਕੈਂਪ"ਆਯੋਜਿਤ ਕੀਤਾ ਗਿਆ, ਜਿਸ ਵਿੱਚ ਐਲ.ਕੇ.ਜੀ. ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਉਦਘਾਟਨੀ ਸਮਾਰੋਹ ਮੌਕੇ ਸਕੂਲ ਦੀ ਨਿਰਦੇਸ਼ਕਾ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਅਤੇ ਸਿਲਵਰ ਓਕਸ ਸਪੋਰਟਸ ਅਕੈਡਮੀ ਦੇ ਡਾਇਰੈਕਟਰ ਸਰਦਾਰ ਨਵਦੀਪ ਸਿੰਘ ਸੰਧੂ ਜੀ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਰ ਕੈਂਪ ਨੂੰ ਵੱਖ-ਵੱਖ ਵਿਸ਼ੇਸ਼ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ ਤਾਂ ਜੋ ਬੱਚਿਆਂ ਦੇ ਸਰੀਰਕ, ਰਚਨਾਤਮਕ ਅਤੇ ਵਿਅਕਤੀਗਤ ਵਿਕਾਸ ਨੂੰ ਸੰਤੁਲਿਤ ਢੰਗ ਨਾਲ ਉਤਸ਼ਾਹਿਤ ਕੀਤਾ ਜਾ ਸਕੇ। "ਸਪੋਰਟਸ ਐਂਡ ਫਿਟਨੈਸ"ਸ਼੍ਰੇਣੀ ਦੇ ਅਧੀਨ ਘੋੜ ਸਵਾਰੀ, ਜਿਮਨਾਸਟਿਕਸ, ਤੀਰਅੰਦਾਜ਼ੀ, ਨਿਸ਼ਾਨੇਬਾਜ਼ੀ, ਕ੍ਰਿਕਟ, ਰਗਬੀ, ਬਾਸਕਟਬਾਲ, ਯੋਗਾ ਅਤੇ ਫਿਟਨੈਸ ਵਰਗੀਆਂ ਗਤੀਵਿਧੀਆਂ ਸ਼ਾਮਿਲ ਕੀਤੀਆਂ ਗਈਆਂ ਹਨ। "ਪਰਫਾਰਮਿੰਗ ਆਰਟਸ ਅਤੇ ਲਾਈਫ ਸਕਿੱਲਸ"ਵਿੱਚ ਸੰਗੀਤ, ਡਾਂਸ, ਰਚਨਾਤਮਕ ਲਿਖਣ ਕਲਾ, ਜਨਤਕ ਭਾਸ਼ਣ ਕਲਾ, ਕਹਾਣੀ ਸੁਣਾਉਣ ਦੀ ਕਲਾ ਅਤੇ ਆਤਮਵਿਸ਼ਵਾਸ ਵਿਕਾਸ ਵਰਗੀਆਂ ਗਤੀਵਿਧੀਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਇਸ ਤੋਂ ਇਲਾਵਾ "ਰਚਨਾਤਮਕਤਾ" ਦੇ ਅਧੀਨ ਫੈਬਰਿਕ ਪੇਂਟਿੰਗ, ਕੈਲੀਗ੍ਰਾਫੀ, ਫਾਈਨ ਆਰਟਸ, ਡੀ.ਆਈ.ਵਾਈ. ਪ੍ਰੋਜੈਕਟਸ ਅਤੇ ਕਰਾਫਟ ਵਰਕ ਵਰਗੀਆਂ ਰਚਨਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਾਰੀਆਂ ਗਤੀਵਿਧੀਆਂ ਤਜਰਬੇਕਾਰ ਅਤੇ ਪ੍ਰੋਫ਼ੈਸ਼ਨਲ ਕੋਚਾਂ ਦੀ ਦੇਖ-ਰੇਖ ਹੇਠ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਬੱਚਿਆਂ ਨੂੰ ਸੁਰੱਖਿਅਤ, ਅਨੁਸ਼ਾਸਿਤ ਅਤੇ ਪ੍ਰੇਰਣਾਦਾਇਕ ਸਿੱਖਣ ਵਾਲਾ ਮਾਹੌਲ ਮਿਲ ਸਕੇ।ਸਕੂਲ ਨਿਰਦੇਸ਼ਕਾ ਸ੍ਰੀਮਤੀ ਸੇਖੋਂ ਨੇ ਵਿਦਿਆਰਥੀਆਂ ਨੂੰ ਇਸ ਸਮਰ ਕੈਂਪ ਨੂੰ ਆਪਣੀਆਂ ਲੁਕੀਆਂ ਹੋਈਆਂ ਯੋਗਤਾਵਾਂ ਨੂੰ ਪਛਾਣਨ, ਆਤਮਵਿਸ਼ਵਾਸ ਵਿਕਸਿਤ ਕਰਨ ਅਤੇ ਨਵੀਆਂ ਜੀਵਨ ਕਲਾ ਸਿੱਖਣ ਦੇ ਸੁਨਹਿਰੀ ਮੌਕੇ ਵਜੋਂ ਵਰਤਣ ਲਈ ਪ੍ਰੇਰਿਤ ਕੀਤਾ। ਸਪੋਰਟਸ ਡਾਇਰੈਕਟਰ ਸ੍ ਨਵਦੀਪ ਸਿੰਘ ਸੰਧੂ ਨੇ ਬੱਚਿਆਂ ਨੂੰ ਖੇਡ ਭਾਵਨਾ, ਟੀਮ ਵਰਕ ਅਤੇ ਦ੍ਰਿੜ ਨਿਸ਼ਚੇ ਨਾਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।

ਸਕੂਲ ਨਿਰਦੇਸ਼ਕਾ ਵੱਲੋਂ ਪ੍ਰਿੰਸੀਪਲ ਅਤੇ ਟੀਮ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

## ਮੈਗਾ ਪੀ.ਟੀ.ਐਮ. ਤਹਿਤ ਸਿੱਖਿਆ ਅਧਿਕਾਰੀਆਂ ਨੇ ਤਪਾ ਖੇਤਰ ਦੇ ਸਕੂਲਾਂ ਦਾ ਕੀਤਾ ਦੌਰਾ




**ਤਪਾ ਮੰਡੀ,30 ਮਈ (ਮੇਸੀ ਤਪਾ,ਬੰਟੀ ਦੀਕਸ਼ਿਤ):** ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਕਰਵਾਈ ਜਾ ਰਹੀ ਮੈਗਾ ਪੇਰੈਂਟ-ਟੀਚਰ ਮੀਟਿੰਗ ਪੀ.ਟੀ.ਐਮ ਤਹਿਤ ਤਪਾ ਖੇਤਰ ਦੇ ਵੱਖ-ਵੱਖ ਸਕੂਲਾਂ ਦਾ ਉੱਚ ਸਿੱਖਿਆ ਅਧਿਕਾਰੀਆਂ ਵੱਲੋਂ ਦੌਰਾ ਕੀਤਾ ਗਿਆ।ਇਸ ਮੌਕੇ ਡੀ.ਈ.ਓ (ਸੈਕੰਡਰੀ ਸਿੱਖਿਆ) ਸੁਨੀਤਇੰਦਰ ਸਿੰਘ, ਡੀ.ਈ.ਓ. (ਐਲੀਮੈਂਟਰੀ ਸਿੱਖਿਆ) ਇੰਦੂ ਸਿਮਕ, ਡਿਪਟੀ ਡੀ.ਈ.ਓ. ਡਾ. ਬਰਜਿੰਦਰਪਾਲ ਸਿੰਘ, ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ, ਡੀ.ਐਸ.ਐਮ ਕੁਲਦੀਪ ਸਿੰਘ ਕਮਲ, ਡੀ.ਆਰ.ਸੀ ਅਪਰ ਪ੍ਰਾਇਮਰੀ ਕਮਲਦੀਪ ਸਿੰਘ, ਡੀ.ਆਰ.ਸੀ ਪ੍ਰਾਇਮਰੀ ਕੁਲਦੀਪ ਭੁੱਲਰ ਅਤੇ ਅਕਾਦਮਿਕ ਸੁਪੋਰਟ ਗਰੁੱਪ ਦੇ ਮੈਂਬਰਾਂ ਨੇ ਸਕੂਲਾਂ ਦਾ ਨਿਰੀਖਣ ਕੀਤਾ।ਸਰਕਾਰੀ ਸਕੂਲ ਘੁੰਨਸ ਵਿਖੇ ਸਕੂਲ ਇੰਚਾਰਜ ਮੈਡਮ ਗਾਇਤਰੀ ਜੋਤੀ ਦੀ ਅਗਵਾਈ ਹੇਠ "ਸਿੱਖਿਆ ਦਾ ਮਹਾ ਜਸ਼ਨ" ਅਤੇ ਮੈਗਾ ਪੀ.ਟੀ.ਐਮ. ਬਹੁਤ ਹੀ ਉਤਸ਼ਾਹ ਅਤੇ ਸਫਲਤਾਪੂਰਵਕ ਕਰਵਾਈ ਗਈ। ਇਸ ਦੌਰਾਨ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਵਿਦਿਆਰਥੀਆਂ ਅਤੇ ਮਹਿਮਾਨਾਂ ਲਈ ਠੰਢੇ-ਮਿੱਠੇ ਜਲ ਦੀ ਸ਼ਬੀਲ ਲਗਾਈ ਗਈ, ਜਦਕਿ ਸਕੂਲ ਪਹੁੰਚੇ ਮਾਪਿਆਂ ਲਈ ਚਾਹ ਅਤੇ ਪਕੌੜਿਆਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।ਸਕੂਲ ਇੰਚਾਰਜ ਮੈਡਮ ਗਾਇਤਰੀ ਜੋਤੀ ਨੇ ਸਕੂਲ ਪਹੁੰਚੇ ਸਿੱਖਿਆ ਅਧਿਕਾਰੀਆਂ, ਕਮੇਟੀ ਮੈਂਬਰਾਂ ਅਤੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਮਾਪਿਆਂ ਅਤੇ ਅਧਿਆਪਕਾਂ ਦਾ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ।ਮਾਪਿਆਂ ਨੇ ਵੀ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਆਧੁਨਿਕ ਸਹੂਲਤਾਂ, ਯੋਗ ਅਧਿਆਪਕ ਸਟਾਫ਼ ਅਤੇ ਵਿਦਿਆਰਥੀ-ਪੱਖੀ ਮਾਹੌਲ ਦੀ ਸ਼ਲਾਘਾ ਕਰਦਿਆਂ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਉਪਰਾਲਿਆਂ ਦੀ ਸਰਾਹਨਾ ਕੀਤੀ। ਮੈਗਾ ਪੀ.ਟੀ.ਐਮ ਦੌਰਾਨ ਸਕੂਲਾਂ ਵਿੱਚ ਉਤਸ਼ਾਹਪੂਰਨ ਮਾਹੌਲ ਦੇਖਣ ਨੂੰ ਮਿਲਿਆ। ਇਸ ਮੌਕੇ ਸਨਮਾਨਿਤ ਹੋਏ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ ਗਈਆਂ।

## ਸੁਰਜੀਤ ਸਿੰਘ ਰੱਖੜਾ ਨੇ ਸਮਾਣਾ 'ਚ 'ਮੇਰੀ ਰਸੋਈ' ਯੋਜਨਾ ਦੀ ਕੀਤੀ ਰਸਮੀ ਸ਼ੁਰੂਆਤ

### 'ਮੇਰੀ ਰਸੋਈ' ਯੋਜਨਾ ਲੋੜਵੰਦ ਪਰਿਵਾਰਾਂ ਲਈ ਵੱਡਾ ਸਹਾਰਾ ਸਾਬਿਤ ਹੋਵੇਗੀ: ਸੁਰਜੀਤ ਸਿੰਘ ਰੱਖੜਾ



**ਸਮਾਣਾ, 30 ਮਈ (ਜਵੰਦਾ)** ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਨੇ ਮਾਨ ਸਰਕਾਰ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਮੇਰੀ ਰਸੋਈ' ਯੋਜਨਾ ਦੀ ਸਮਾਣਾ ਵਿਖੇ ਰਸਮੀ ਸ਼ੁਰੂਆਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ. ਰੱਖੜਾ ਨੇ ਕਿਹਾ ਕਿ ਸਮਾਣਾ ਵਾਸੀਆਂ ਲਈ ਇਤਿਹਾਸਿਕ ਦਿਨ ਹੈ ਕਿਉਂਕਿ ਨਗਰ ਕੌਂਸਲ ਚੋਣਾਂ ਦੇ ਸ਼ਾਨਦਾਰ ਨਤੀਜਿਆਂ ਦੇ ਦੂਜੇ ਦਿਨ ਹੀ ਮਾਨ ਸਰਕਾਰ ਦੀਆਂ ਲੋਕ ਹਿਤੈਸ਼ੀ ਯੋਜਨਾਵਾਂ ਦੀ ਸ਼ੁਰੂਆਤ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਇਹ ਯੋਜਨਾ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਵੱਡੀ ਰਾਹਤ ਸਾਬਿਤ ਹੋਵੇਗੀ। ਇਸ ਸਕੀਮ ਤਹਿਤ ਸੂਬੇ ਦੇ ਕਰੀਬ 40 ਲੱਖ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਹਰ ਲਾਭਪਾਤਰੀ ਪਰਿਵਾਰ ਨੂੰ ਤਿੰਨ ਮਹੀਨਿਆਂ ਬਾਅਦ ਇੱਕ ਵਿਸ਼ੇਸ਼ ਕਿੱਟ ਦਿੱਤੀ ਜਾਵੇਗੀ, ਜਿਸ ਵਿੱਚ ਸਰ੍ਹੋਂ ਦਾ ਤੇਲ, ਦਾਲ, ਖੰਡ, ਲੂਣ, ਹਲਦੀ ਅਤੇ ਰਸੋਈ ਦੀਆਂ ਹੋਰ ਜ਼ਰੂਰੀ ਵਸਤਾਂ ਸ਼ਾਮਲ ਹੋਣਗੀਆਂ। ਉਨ੍ਹਾਂ ਕਿਹਾ ਕਿ ਇਹ ਯੋਜਨਾ ਖ਼ਾਸ ਤੌਰ 'ਤੇ ਘਰੇਲੂ ਜ਼ਿੰਮੇਵਾਰੀਆਂ ਨਿਭਾਉਣ ਵਾਲੀਆਂ ਮਹਿਲਾਵਾਂ ਅਤੇ ਬੱਚਿਆਂ ਦੀ ਪੌਸ਼ਟਿਕ ਲੋੜ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ। ਸ. ਰੱਖੜਾ ਨੇ ਕਿਹਾ ਕਿ ਵਧਦੀ ਮਹਿੰਗਾਈ ਦੇ ਇਸ ਦੌਰ ਵਿੱਚ 'ਮੇਰੀ ਰਸੋਈ' ਯੋਜਨਾ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਲਈ ਵਿੱਤੀ ਰਾਹਤ ਦਾ ਸਾਧਨ ਬਣੇਗੀ ਅਤੇ ਲੋਕਾਂ ਦੀ ਜ਼ਿੰਦਗੀ ਨੂੰ ਹੋਰ ਸੁਖਾਲਾ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਵੇਗੀ। ਇਸ ਮੌਕੇ ਸੁੱਖੀ ਰੱਖੜਾ, ਕਪੂਰ ਚੰਦ ਬਾਂਸਲ, ਰਾਣਾ ਸੇਖੋਂ, ਅਸ਼ੋਕ ਮੋਦਗਿੱਲ, ਜਗਤਾਰ ਸਿੰਘ ਸੰਧੂ, ਗੁਰਦਿਆਲ ਸਿੰਘ ਰੰਧਾਵਾ, ਸੋਨੀ ਕਿੰਗ, ਸੁਰਜੀਤ ਪੱਪੀ, ਹੋਰ 'ਆਪ' ਦੇ ਮੋਹਤਬਰ ਆਗੂ ਅਤੇ ਵਰਕਰ ਸਹਿਬਾਨ ਹਾਜ਼ਰ ਰਹੇ।

## ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕਾਂ ਲਈ ਲਾਈਫ ਸਕਿਲਜ਼ ਐਂਡ ਐਡਵਾਂਸਮੈਂਟ ਵਰਕਸ਼ਾਪ ਦਾ ਆਯੋਜਨ



**ਸਮਰਾਲਾ 30 ਮਈ (ਹਨੀਸ਼ ਕੌਸ਼ਲ/ ਸ਼ਾਸ਼ਵਤ ਦੱਤ ਅੱਤਰੇ)** ਮਾਛੀਵਾੜਾ ਸਾਹਿਬ ਦੇ ਕੋਹਾੜਾ ਰੋਡ ਤੇ ਸਥਿਤ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵਿੱਚ ਅਧਿਆਪਕਾਂ ਦੇ ਸਰਵਪੱਖੀ ਵਿਕਾਸ ਅਤੇ ਪੇਸ਼ੇਵਰ ਯੋਗਤਾਵਾਂ ਨੂੰ ਹੋਰ ਨਿਖਾਰਨ ਦੇ ਉਦੇਸ਼ ਨਾਲ ਲਾਈਫ ਸਕਿਲਜ਼ ਐਂਡ ਐਡਵਾਂਸਮੈਂਟ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਸਕੂਲ ਦੇ ਸਮੂਹ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਧੁਨਿਕ ਸਿੱਖਿਆ ਪ੍ਰਣਾਲੀ ਨਾਲ ਜੁੜੇ ਕਈ ਮਹੱਤਵਪੂਰਨ ਵਿਸ਼ਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਵਰਕਸ਼ਾਪ ਦਾ ਮੁੱਖ ਉਦੇਸ਼ ਅਧਿਆਪਕਾਂ ਦੀ ਲੀਡਰਸ਼ਿਪ ਸਮਰੱਥਾ, ਪ੍ਰਭਾਵਸ਼ਾਲੀ ਸੰਚਾਰ ਕੌਸ਼ਲ, ਵਿਅਕਤੀਗਤ ਵਿਕਾਸ, ਟੀਮ ਵਰਕ ਅਤੇ ਆਧੁਨਿਕ ਅਧਿਆਪਨ ਤਕਨੀਕਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਦੌਰਾਨ ਅਧਿਆਪਕਾਂ ਨੂੰ ਵਿਦਿਆਰਥੀਆਂ ਨਾਲ ਬਿਹਤਰ ਸੰਚਾਰ ਸਥਾਪਿਤ ਕਰਨ, ਕਲਾਸਰੂਮ ਮੈਨੇਜਮੈਂਟ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਬਦਲਦੇ ਸਮੇਂ ਦੇ ਅਨੁਸਾਰ ਆਪਣੇ ਹੁਨਰਾਂ ਨੂੰ ਅਪਡੇਟ ਰੱਖਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਰਿਸੋਰਸ ਪਰਸਨ ਰਾਜਨਦੀਪ ਕੌਰ ਅਤੇ ਅਰਾਧਨਾ ਕੌਰ ਨੇ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਯੁੱਗ ਵਿੱਚ ਅਧਿਆਪਕਾਂ ਲਈ ਨਿਰੰਤਰ ਸਿੱਖਣਾ ਅਤੇ ਆਪਣੇ ਹੁਨਰਾਂ ਨੂੰ ਨਿਖਾਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਅਧਿਆਪਕਾਂ ਨੂੰ ਨਵੀਂ ਸੋਚ, ਰਚਨਾਤਮਕਤਾ ਅਤੇ ਪੇਸ਼ੇਵਰ ਵਿਕਾਸ ਵੱਲ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਨੇ ਵੱਖ-ਵੱਖ ਗਤੀਵਿਧੀਆਂ ਅਤੇ ਪ੍ਰੇਰਣਾਦਾਇਕ ਉਦਾਹਰਣਾਂ ਰਾਹੀਂ ਅਧਿਆਪਕਾਂ ਨੂੰ ਜੀਵਨ ਕੌਸ਼ਲਾਂ ਦੀ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ। ਵਰਕਸ਼ਾਪ ਵਿੱਚ ਸ਼ਾਮਲ ਅਧਿਆਪਕਾਂ ਨੇ ਇਸ ਪ੍ਰੋਗਰਾਮ ਨੂੰ ਬਹੁਤ ਹੀ ਲਾਹੇਵੰਦ, ਗਿਆਨਵਰਧਕ ਅਤੇ ਪ੍ਰੇਰਣਾਦਾਇਕ ਦੱਸਦਿਆਂ ਕਿਹਾ ਕਿ ਇਸ ਤੋਂ ਮਿਲੀ ਜਾਣਕਾਰੀ ਉਨ੍ਹਾਂ ਨੂੰ ਆਪਣੇ ਅਧਿਆਪਨ ਕਾਰਜ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਵਿੱਚ ਸਹਾਇਕ ਸਾਬਤ ਹੋਵੇਗੀ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਅਤੇ ਗੁਣਵੱਤਾ ਬਣਾਈ ਰੱਖਣ ਲਈ ਅਧਿਆਪਕਾਂ ਦਾ ਸਮੇਂ-ਸਮੇਂ 'ਤੇ ਟਰੇਨਿੰਗ ਲੈਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਅਧਿਆਪਕਾਂ ਦੇ ਆਤਮ-ਵਿਸ਼ਵਾਸ ਅਤੇ ਕਾਰਜਕੁਸ਼ਲਤਾ ਵਿੱਚ ਵਾਧਾ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਨੀਂਹ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਵਰਕਸ਼ਾਪ ਦੇ ਸਫਲ ਆਯੋਜਨ ਲਈ ਰਿਸੋਰਸ ਪਰਸਨ ਅਤੇ ਸਮੂਹ ਸਟਾਫ ਦਾ ਧੰਨਵਾਦ ਵੀ ਕੀਤਾ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ, ਜ਼ਿਲ੍ਹਾ ਬਰਨਾਲਾ ਵਿਖੇ ਮੈਗਾ ਪੀਟੀਐਮ ਦਾ ਆਯੋਜਨ



**ਬਰਨਾਲਾ, 30 ਮਈ (ਮਾਲਵਾ ਬਾਣੀ)-** ਪ੍ਰਿੰਸੀਪਲ ਨਿਦਾ ਅਲਤਾਫ਼ ਅਤੇ ਸਕੂਲ ਮੁੱਖੀ ਸੁਨੀਲ ਕੁਮਾਰ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ, ਜ਼ਿਲ੍ਹਾ ਬਰਨਾਲਾ ਵਿਖੇ ਸੈਸ਼ਨ 2026-27 ਦੀ ਪਹਿਲੀ ਮੈਗਾ ਪੀਟੀਐਮ ਦਾ ਆਯੋਜਨ ਕੀਤਾ ਗਿਆ ,ਜਿਸ ਵਿੱਚ ਵਿਦਿਅਕ ਅਤੇ ਸਹਿ ਵਿਦਿਅਕ ਗਤੀਵਿਧੀਆਂ ਵਿੱਚ ਵਧੀਆ ਭਾਗੀਦਾਰੀ ਵਾਲੇ ਵਿਦਿਆਰਥੀਆਂ ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਦੇ ਦਸਤਖਤ ਹੇਠ ਭੇਜੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ , ਨਾਲ ਹੀ ਮਾਪਿਆਂ ਨਾਲ ਵਿਦਿਆਰਥੀਆਂ ਨੂੰ ਗਰਮੀ ਦੀਆਂ ਛੁੱਟੀਆਂ ਵਿੱਚ ਦਿੱਤੇ ਕੰਮ, ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੀ ਪ੍ਰਾਪਤੀ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਕਲਾਸ ਇੰਚਾਰਜ ਅਵਨੀਸ਼ ਕੁਮਾਰ, ਸੀਨੀਅਰ ਮਾਸਟਰ ਰਿਸ਼ੀ ਕੁਮਾਰ, ਮੀਨਾਕਸ਼ੀ ਗੌਤਮ ਅਤੇ ਸਮੂਹ ਸਟਾਫ ਹਾਜ਼ਰ ਰਿਹਾ।

## ਪੀਹਣ ਦਾ ਗੱਟਾ

ਜਿਹੜੇ ਮੁਲਾਜ਼ਮ ਹਰ ਰੋਜ਼ ਬੱਸ ਦਾ ਸਫ਼ਰ ਕਰਕੇ ਆਪਣੀ ਕਰਮ 'ਤੇ ਪਹੁੰਚਦੇ ਹਨ ਓਹਨਾਂ ਦਾ ਓਸ ਬੱਸ ਵਾਲਾ ਆਪਣਾ ਹੀ ਪਰਿਵਾਰ ਹੁੰਦੈ। ਓਸ ਬੱਸ ਵਿਚ ਸਫ਼ਰ ਕਰਨ ਵਾਲੇ ਰੋਜ਼ਾਨਾ ਦੇ ਸਾਥੀ ਹੁੰਦੇ ਹਨ। ਡਰਾਈਵਰ ਕੰਡਕਟਰ ਵੀ ਆਪਣੀ ਡੇਲੀ ਸਵਾਰੀ ਦਾ ਖਿਆਲ ਰੱਖਦੇ ਆ। ਜੇਕਰ ਕੋਈ ਕਿਸੇ ਕਾਰਨ ਕਿਸੇ ਦਿਨ ਨਾ ਜਾਵੇ ਤਾਂ ਨਾਲ ਦੇ ਨੂੰ, 'ਉਹ ਸਰ/ਮੈਡਮ ਨਹੀਂ ਆਇਆ ਜਾਂ ਆਈ' ਜ਼ਰੂਰ ਪੁੱਛਦੇ ਆ। ਹਰ - ਰੋਜ਼ ਨਵੀਆਂ ਨਵੀਆਂ ਗੱਲਾਂ ਦੇਖਣ-ਸੁਣਨ ਨੂੰ ਮਿਲਦੀਆਂ ਨੇ।

ਖ਼ੈਰ, ਸ੍ਰੀਮਤੀ ਨੇ ਵੀ ਬੱਸ ਰਾਹੀਂ ਆਪਣੇ ਸਕੂਲ ਜਾਣਾ ਹੁੰਦੈ। ਅੱਜ ਆ ਕਿ ਦੱਸਿਆ ਕਿ ਸਾਡੇ ਨਾਲ ਇਕ ਮੁੰਡਾ ਰਸਤੇ ਵਿੱਚੋਂ ਬੱਸ ਚੜ੍ਹਦਾ ਹੁੰਦਾ ਸੀ ਅਤੇ ਛੁੱਟੀਆਂ ਤੋਂ ਬਾਅਦ ਅੱਜ ਬੱਸ ਵਿਚ ਚੜਿ ਆ ਅਤੇ ਨਾਲ ਹੀ ਓਸਦੇ ਇਕ ਚੂੜੇ ਵਾਲੀ ਕੁੜੀ ਚੜ੍ਹੀ। ਨਾਲ ਬੈਠੇ ਮੈਡਮ ਆਂਹਦੇ, 'ਇਉਂ ਲੱਗਦੈ ਜਿਵੇਂ ਇਸ ਮੁੰਡੇ ਦਾ ਵਿਆਹ ਹੋ ਗਿਆ ਹੋਵੇ।'

'ਲੱਗਦਾ ਤਾਂ ਮੈਨੂੰ ਵੀ ਇਉਂ ਹੀ ਆ।' ਆਖ ਸ੍ਰੀਮਤੀ ਨੇ ਜਵਾਬ ਦਿੱਤਾ।

ਸਵੇਰ ਵਾਲੀਆਂ ਬੱਸਾਂ ਵਿਚ ਭੀੜ ਜ਼ਿਆਦਾ ਹੁੰਦੀ ਹੈ ਕਿਉਂਕਿ ਪੜ੍ਹਨ ਵਾਲੇ ਬੱਚੇ ਵੀ ਹੁੰਦੇ ਹਨ। ਭੀੜ ਹੋਣ ਕਰਕੇ ਉਹ ਵੀ ਦੋਹੇਂ ਬਾਰੀ ਨੇੜੇ ਹੀ ਖੜ੍ਹ ਗਏ। ਬੱਸ ਥੋੜ੍ਹਾ ਚੱਲੀ ਤਾਂ ਹਵਾ ਨਾਲ ਕੁੜੀ ਦੇ ਵਾਲ ਖਿਲਰ ਜਿਹੇ ਗਏ ਤਾਂ ਓਸ ਮੁੰਡੇ ਨੇ ਕੁੜੀ ਦੇ ਚਿਹਰੇ ਉੱਤੇ ਆਏ ਵਾਲ ਪਾਸੇ ਕਰ ਦਿੱਤੇ। ਇਕੱਠੇ ਜੁ ਖੜ੍ਹੇ ਸਨ। 'ਨਵੇਂ ਵਿਆਹੇ ਆ, ਚਾਅ ਆ।' ਉਸ ਮੁੰਡੇ ਦੇ ਇਸ ਤਰ੍ਹਾਂ ਦੇ ਵਿਹਾਰ ਨੂੰ ਦੇਖਦਿਆਂ ਨਾਲ ਵਾਲੀ ਮੈਡਮ ਨੇ ਕਿਹਾ।

ਸ੍ਰੀਮਤੀ ਆਂਹਦੇ ਮਖਿਆ, 'ਹੁਣ ਚਾਅ ਏ ਨਵੇਂ ਵਿਆਹੇ ਆ। ਨਾਲੇ ਇਹੀ ਸਮਾਂ ਹੁੰਦਾ ਹੈ ਫਿਰ ਤਾਂ ਬੱਸ ਕਬੀਲਦਾਰੀ ਦੀਆਂ ਜ਼ਿੰਮੇਵਾਰੀਆਂ ਨਾਲ ਕੰਬਲੀ ਭਾਰੀ ਹੁੰਦੀ ਜਾਂਦੀ ਆ।'

'ਹਾਂ ਜੀ ਮੈਡਮ ਸਹੀ ਗੱਲ ਆ। ਹੁਣ ਆਪਾਂ ਨੂੰ ਹੀ ਦੇਖ ਲਵੋ ਕਿਵੇਂ ਘਰ ਵਾਲੇ ਬੱਸ ਅੱਡੇ ਵਿੱਚ ਪੀਹਣ ਵਾਲੇ ਗੱਟੇ ਆਂਗੂੰ ਸੁੱਟ ਜਾਂਦੇ ਆ।' ਆਖ ਹੱਸਦੀਆਂ ਹੋਈਆਂ ਆਪਣੇ ਅੱਡੇ 'ਤੇ ਉਤਰਨ ਲਈ ਸੀਟ ਤੋਂ ਉੱਠ ਖੜ੍ਹੀਆਂ। ਬੱਸ ਰੁਕੀ ਅਤੇ ਉਤਰ ਕੇ ਹੱਸਦੀਆਂ ਹੱਸਦੀਆਂ ਸਕੂਲ ਪਹੁੰਚ ਗਈਆਂ।



**ਮਾਸਟਰ ਰਵਿੰਦਰ ਸਿੰਘ**
83601-37965

## ਜ਼ਿਲ੍ਹਾ ਪਟਿਆਲਾ ਦੀ ਕਾਂਗਰਸੀ ਟੀਮ ਨੇ ਜੇਤੂ ਕੌਂਸਲਰਾਂ ਦੀ ਕੀਤੀ ਹੌਸਲਾ ਅਫ਼ਜ਼ਾਈ, ਪਾਰਟੀ ਮਜ਼ਬੂਤੀ ਅਤੇ ਲੋਕ ਸੇਵਾ ਦਾ ਦਿੱਤਾ ਸੰਦੇਸ਼



**ਪਾਤੜਾਂ, 30 ਮਈ (ਜਸਵਿੰਦਰ ਸਿੰਘ ਪਾਰਸ)** ਨਗਰ ਕੌਂਸਲ ਪਾਤੜਾਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਦੀ ਅਗਵਾਈ ਹੇਠ ਜ਼ਿਲ੍ਹਾ ਪਟਿਆਲਾ ਦੀ ਕਾਂਗਰਸੀ ਟੀਮ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਦਿਹਾਤੀ ਪ੍ਰਧਾਨ ਅਮਰਜੀਤ ਸਿੰਘ ਘੱਗਾ, ਕਾਂਗਰਸ ਦੇ ਨੈਸ਼ਨਲ ਟਰੇਨਰ ਨਰਿੰਦਰ ਸੰਧੂ, ਨਛੱਤਰ ਸਿੰਘ ਅਰਾਈਮਾਜਰਾ ਅਤੇ ਦਰਸ਼ਨ ਸਿੰਘ ਸਿੱਧੂ ਨੇ ਜੇਤੂ ਉਮੀਦਵਾਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਲੋਕਾਂ ਦੇ ਭਰੋਸੇ ਅਤੇ ਸਮਰਥਨ ਨਾਲ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਜੇਤੂ ਉਮੀਦਵਾਰਾਂ ਨੂੰ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਲੋਕ ਹਿੱਤਾਂ ਦੀ ਰਾਖੀ ਕਰਨ, ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਅਤੇ ਸੁਨਹਿਰੇ ਭਵਿੱਖ ਲਈ ਸਮੂਹ ਵਰਕਰਾਂ ਅਤੇ ਆਗੂਆਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਇਸ ਮੌਕੇ ਕਾਂਗਰਸ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਸਮਰਥਕ ਵੱਡੀ ਗਿਣਤੀ ਵਿੱਚ ਮੌਜੂਦ ਰਹੇ, ਜਿਨ੍ਹਾਂ ਨੇ ਜੇਤੂ ਉਮੀਦਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਸਹਿਕਾਰੀ ਖੇਤੀਬਾੜੀ ਸੇਵਾ ਸਭਾ ਰੜ ਦੀ ਹੋਈ ਚੋਣ, ਜਗਸੀਰ ਸਿੰਘ ਬਣੇ ਪ੍ਰਧਾਨ



**ਜੋਗਾ 30 ਮਈ (ਗੋਪਾਲ ਅਕਲੀਆ)** ਸਹਿਕਾਰੀ ਖੇਤੀਬਾੜੀ ਸੇਵਾ ਸਭਾ ਰੜ ਦੀ ਚੋਣ ਸੰਪੰਨ ਹੋਈ। ਇਸ ਚੋਣ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਨੂੰ ਪ੍ਰਧਾਨ ਚੁਣਿਆ ਗਿਆ। ਇਸ ਦੌਰਾਨ ਹੋਈ 10 ਮੈਂਬਰਾਂ ਦੀ ਚੋਣ ਸਮੇਂ ਜਗਸੀਰ ਸਿੰਘ ਨੂੰ ਪ੍ਰਧਾਨ, ਮੇਵਾ ਸਿੰਘ ਨੂੰ ਮੀਤ ਪ੍ਰਧਾਨ ਅਤੇ ਹਰਦੇਵ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਮੈਂਬਰਾਂ ਵਜੋਂ ਅੰਮ੍ਰਿਤਪਾਲ ਸਿੰਘ, ਜਗਸੀਰ ਸਿੰਘ, ਸੁਖਜੀਤ ਸਿੰਘ, ਬਲਦੇਵ ਸਿੰਘ, ਜਗਰਾਜ ਸਿੰਘ, ਸ੍ਰੀਮਤੀ ਦਲੀਪ ਕੌਰ ਅਤੇ ਸ੍ਰੀਮਤੀ ਮਨਜੀਤ ਕੌਰ ਨੂੰ ਸ਼ਾਮਲ ਕੀਤਾ ਗਿਆ। ਨਵੇਂ ਚੁਣੇ ਗਏ ਪ੍ਰਧਾਨ ਜਗਸੀਰ ਸਿੰਘ ਨੇ ਕਿਹਾ ਕਿ ਉਹ ਸਭਾ ਦੇ ਸਾਰੇ ਅਧੂਰੇ ਕੰਮਾਂ ਅਤੇ ਕਮੀਆਂ ਨੂੰ ਦੂਰ ਕਰਨ ਲਈ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਲਈ ਲੋੜੀਂਦੇ ਸੰਦਾਂ ਦੀ ਉਪਲਬਧਤਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋੜੀਂਦੀਆਂ ਖਾਦਾਂ ਸਮੇਤ ਹੋਰ ਘਰੇਲੂ ਵਰਤੋਂ ਵਾਲਾ ਸਮਾਨ ਸਮੇਂ ਸਿਰ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਵੀਂ ਕਮੇਟੀ ਨੂੰ ਨਾਲ ਲੈ ਕੇ ਖੇਤੀਬਾੜੀ ਸੇਵਾ ਸਭਾ ਦੇ ਕੰਮਾਂ ਨੂੰ ਹੋਰ ਅੱਗੇ ਵਧਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕੀਤਾ ਜਾਵੇਗਾ। ਇਸ ਮੌਕੇ ਇਕਬਾਲ ਸਿੰਘ ਸਕੱਤਰ, ਗੁਰਦੀਪ ਸਿੰਘ, ਦਰਸ਼ਨ ਸਿੰਘ, ਗੁਰਤੇਜ ਸਿੰਘ ਜਵੰਦਾ, ਸਾਬਕਾ ਪ੍ਰਧਾਨ ਸੰਦੀਪ ਸਿੰਘ ਮਾਨ, ਨਵਜੋਤ ਸਿੰਘ, ਬਲਜੀਤ ਸਿੰਘ, ਸੁਖਦੇਵ ਸਿੰਘ, ਸੁੱਖਾ ਸਿੰਘ, ਸੁਖਦਰਸ਼ਨ ਸਿੰਘ, ਮੰਦਰ ਸਿੰਘ, ਬੰਤਾ ਸਿੰਘ, ਭੋਲਾ ਸਿੰਘ, ਬਲਦੇਵ ਸਿੰਘ ਫੌਜੀ, ਸੁਖਦੇਵ ਸਿੰਘ ਸਾਬਕਾ ਸਰਪੰਚ, ਗੁਰਲਾਲ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ, ਡਾ. ਧਰਮ ਸਿੰਘ ਅਤੇ ਬਲਵੰਤ ਸਿੰਘ ਸਰਾਂ ਆਦਿ ਹਾਜ਼ਰ ਸਨ।

# ਜਸਰਾਊਰ ਤੋਂ ਮੌਜੂਦਾ ਮੈਂਬਰ ਸਮੇਤ 50 ਪਰਿਵਾਰ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਿਲ





**ਅੰਮ੍ਰਿਤਸਰ 30 ਮਈ (ਸੋਨੂ ਨਰੂਲਾ)** ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਸੋਚ ਨੇ ਪੰਜਾਬ ਦੇ ਲੋਕਾਂ ਵਿੱਚ ਨਵਾਂ ਜਜ਼ਬਾ ਪੈਦਾ ਕੀਤਾ ਹੈ ਇਸ ਜਜਬੇ ਨੂੰ ਹਕੀਕਤ ਵਿੱਚ ਬਦਲਣ ਲਈ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ । ਇਸੇ ਦੇ ਤਹਿਤ ਅੱਜ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਜਸਰਾਊਰ ਤੋ ਆਮ ਆਦਮੀ ਪਾਰਟੀ ਦੇ ਮੌਜੂਦਾ ਮੈਂਬਰ ਹਰਵਿੰਦਰ ਕੌਰ ਸਮੇਤ ਵੱਖ-ਵੱਖ ਪਾਰਟੀਆਂ ਦੇ 50 ਦੇ ਕਰੀਬ ਪਰਿਵਾਰਾਂ ਨੇ ਹਲਕਾ ਰਾਜਾਸਾਂਸੀ ਤੋ ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਦੀ ਅਗਵਾਈ ਹੇਠ ਅਕਾਲੀ ਦਲ ਵਰਿਸ ਪੰਜਾਬ ਵਿੱਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਸ਼ਾਮਿਲ ਹੋਏ ਪਰਿਵਾਰਾਂ ਚ ਸੰਤੋਖ ਸਿੰਘ, ਕਰਨੈਲ ਸਿੰਘ, ਅਨੋਖ ਸਿੰਘ, ਮੁਖਤਾਰ ਸਿੰਘ, ਜਗਤਾਰ ਸਿੰਘ, ਜਗਦੀਸ਼ ਸਿੰਘ, ਬਲਵਿੰਦਰ ਸਿੰਘ, ਗੁਰਪਾਲ ਸਿੰਘ, ਗੁਰਮੀਤ ਸਿੰਘ, ਦਿਲਬਾਗ ਸਿੰਘ, ਹੈਪੀ ਸਿੰਘ, ਭੁਪਿੰਦਰ ਸਿੰਘ, ਦੀਪ ਸਿੰਘ, ਸਕੱਤਰ ਸਿੰਘ, ਸਤਨਾਮ ਸਿੰਘ, ਸਤਵਿੰਦਰ ਸਿੰਘ, ਹਰਵਿੰਦਰ ਸਿੰਘ, ਨਵਜੋਤ ਕੌਰ, ਰਜਵੰਤ ਕੌਰ, ਕੰਵਲਜੀਤ ਕੌਰ ਆਦਿ ਸ਼ਾਮਿਲ ਹੋਏ। ਇਹਨਾਂ ਪਰਿਵਾਰਾਂ ਨੂੰ ਦਲਜੀਤ ਸਿੰਘ ਮਿਆਦੀਆਂ ਵੱਲੋਂ ਸਰੋਪਿਆ ਪਾ ਕੇ ਸਨਮਾਨਿਤ ਕੀਤਾ। ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਨੇ ਸਮਿਲ ਹੋਣ ਵਾਲੇ ਪਰਿਵਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਉਹਨਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਮਿਆਦੀਆਂ ਨੇ ਕਿਹਾ ਕਿ ਜੋ ਅਕਾਲੀ ਦਲ ਵਾਰਿਸ ਪੰਜਾਬ ਪੰਜਾਬ ਨੂੰ ਇੱਕ ਖੁਸ਼ਹਾਲ ਸੂਬਾ ਬਣਾਉਣ ਦੀ ਸੋਚ ਰੱਖੀ ਹੈ ਉਸ ਸੋਚ ਨੂੰ ਪੂਰਾ ਕਰਨ ਲਈ ਭਾਈ ਅੰਮ੍ਰਿਤਪਾਲ ਸਿੰਘ ਵਰਗੇ ਯੋਧਿਆਂ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਉਣਾ ਜਰੂਰੀ ਹੈ ਤਾਂ ਜੋ ਪੰਜਾਬ ਨੂੰ ਪਿਛਲੇ ਲੰਬੇ ਸਮੇਂ ਤੋਂ ਲੁੱਟ ਪਈਆਂ ਇਹਨਾਂ ਪਾਰਟੀਆਂ ਤੋਂ ਛੁਟਕਾਰਾ ਦਿਵਾਇਆ ਜਾ ਸਕੇ।

# ਸਿਹਤ ਵਿਭਾਗ ਮਾਛੀਵਾੜਾ ਸਾਹਿਬ ਵਲੋਂ ਜਾਗਰੂਕਤਾ ਗਤੀਵਿਧੀਆਂ ਜਾਰੀ



**ਮਾਛੀਵਾੜਾ ਸਾਹਿਬ 30 ਮਈ (ਮਾਸਟਰ ਸਤੀਸ਼ ਕੁਮਾਰ)** ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ ਦੀ ਅਗਵਾਈ ਹੇਠ ਸੀ. ਐਚ. ਸੀ. ਮਾਛੀਵਾੜਾ ਸਾਹਿਬ ਅਤੇ ਇਸ ਅਧੀਨ ਆਉਂਦੇ ਸਿਹਤ ਕੇਂਦਰਾਂ ਅਤੇ ਸਕੂਲਾਂ ਵਿਚ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਤਹਿਤ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ। ਐਸ.ਐਮ. ਓ. ਡਾ. ਲਖਵਿੰਦਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਆਪਣੇ ਆਲੇ ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿਓ ਤਾਂ ਜੋ ਡੇਂਗੂ ਵਾਲਾ ਮੱਛਰ ਪੈਦਾ ਨਾ ਹੋ ਸਕੇ। ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਮਾਨਸਿਕ ਸਿਹਤ ਸਬੰਧੀ ਸੰਬੋਧਨ ਕਰਦੇ ਹੋਏ ਦੱਸਿਆ ਕਿ ਸਰੀਰਕ ਸਿਹਤ ਵਾਂਗ ਮਾਨਸਿਕ ਸਿਹਤ ਦਾ ਵੀ ਖਿਆਲ ਰੱਖਣਾ ਬਹੁਤ ਜਰੂਰੀ ਹੈ। ਸਮੂਹ ਸੀ ਐਚ ਓ ਵਲੋਂ ਮਹਾਂਵਾਰੀ ਦੌਰਾਨ ਸਾਫ ਸਫਾਈ ਸਬੰਧੀ ਵੀ ਜਾਗਰੂਕਤਾ ਦਿੱਤੀ ਗਈ। ਡਾ ਲਖਵਿੰਦਰ ਸਿੰਘ ਵਲੋਂ ਸਬ ਸੈਂਟਰ ਪੰਜਗਰਾਈਆਂ ਅਤੇ ਲੁਬਾਣਗੜ੍ਹ ਵਿਖੇ ਜਾ ਕੇ ਜਾਗਰੂਕਤਾ ਗਤੀਵਿਧੀਆਂ ਦੌਰਾਨ ਸੁਪਰਵਿਜ਼ਨ ਵੀ ਕੀਤੀ ਗਈ। ਇਸ ਮੌਕੇ ਏ. ਐਨ.ਐਮ. ਜਸਵਿੰਦਰ ਕੌਰ,ਗਿਆਨ ਸਿੰਘ ਮਲਟੀਪਰਪਜ਼ ਹੈਲਥ ਵਰਕਰ ਮੇਲ,ਗੁਰਪ੍ਰੀਤ ਕੌਰ ਅਮਨਦੀਪ ਕੌਰ ਅਤੇ ਧਰਮਿੰਦਰ ਸਿੰਘ ਤਿੰਨੇ ਕਮਿਊਨਿਟੀ ਹੈਲਥ ਅਫ਼ਸਰ ਤੋਂ ਇਲਾਵਾ ਆਸ਼ਾ ਵਰਕਰ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ ਵਿਖੇ ਅਧਿਆਪਕ ਮਾਪੇ ਮਿਲਣੀ ਦਾ ਆਯੋਜਨ





**ਜਲਾਲਾਬਾਦ 30 ਮਈ (ਗਗਨ ਵਾਟਸ)** ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ ਵਿਖੇ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਹੋਏ ਜ਼ਿਲਾ ਸਿੱਖਿਆ ਅਫਸਰ (ਐਲੀ. ਸਿ) ਜੀ ਦੇ ਨਿਰਦੇਸ਼ਾ ਅਨੁਸਾਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ਼੍ਰੀਮਤੀ ਸੁਸ਼ੀਲ ਕੁਮਾਰੀ ਦੀ ਯੋਗ ਅਗਵਾਈ ਅਧੀਨ ਸੈਂਟਰ ਹੈਡ ਟੀਚਰ ਅਸ਼ੋਕ ਕੁਮਾਰ ਦੀ ਦੇਖ ਰੇਖ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਰੁਕਨਾ ਕਾਸਮ ਵਿਖੇ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮਿਲਣੀ ਦਾ ਮੁੱਖ ਉਦੇਸ਼ ਮਾਪਿਆਂ ਨੂੰ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਸਿੱਖਿਆ ਦੇ ਖੇਤਰ ਦੇ ਵਿੱਚ ਆਈ ਕ੍ਰਾਂਤੀ ਤੋਂ ਜਾਣੂ ਕਰਾਉਣਾ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਾਪਿਆਂ ਦੇ ਸਹਿਯੋਗੀ ਯੋਗਦਾਨ ਪਾਉਣ ਤੋਂ ਹੈ। ਇਸ ਸਬੰਧੀ ਸਕੂਲ ਪ੍ਰਬੰਧਕ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਦੇ ਯਤਨਾਂ ਅਤੇ ਅਧਿਆਪਕਾਂ ਦੇ ਸਖਤ ਮਿਹਨਤ ਸਦਕਾ ਬੋਰਡ ਦੀ ਪ੍ਰੀਖਿਆਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਜਿਕਰਯੋਗ ਹੈ ਕਿ ਕਿ ਕੇਂਦਰ ਸਰਕਾਰ ਦੇ ਇੱਕ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਪੂਰੇ ਦੇਸ਼ ਭਰ ਤੋਂ ਪਹਿਲੇ ਨੰਬਰ ਤੇ ਆਏ ਹਨ ਇਸ ਦੌਰਾਨ ਜਮਾਤ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਅਤੇ ਹੋਰ ਪ੍ਰਾਪਤੀਆਂ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਹਾਜ਼ਰ ਸਟਾਫ ਦੁਆਰਾ ਮੈਗਾ ਮਾਪੇ ਅਧਿਆਪਕ ਮਿਲਣੀ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਮਾਪਿਆਂ ਦਾ ਸਵਾਗਤ ਕੀਤਾ ਗਿਆ ਅਤੇ ਛੁੱਟੀਆਂ ਦੌਰਾਨ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਜੋੜੀ ਰੱਖਣ ਲਈ ਪ੍ਰੇਰਿਤ ਕੀਤਾ ਗਿਆ।

# ਸਕੂਲ ਆਫ ਐਮੀਨੈਂਸ ਜਲਾਲਾਬਾਦ (ਪੱ:) ਵਿਖੇ ਮੈਗਾ ਪੀ.ਟੀ.ਐਮ ਦਾ ਸਫਲਤਾਪੂਰਵਕ ਆਯੋਜਨ






**ਜਲਾਲਾਬਾਦ 30 ਮਈ (ਗਗਨ ਵਾਟਸ)** ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਕੂਲ ਆਫ ਐਮੀਨੈਂਸ ਜਲਾਲਾਬਾਦ ਪੱਛਮੀ ਵਿਖੇ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਲ੍ਹਾ ਸਿੱਖਿਆ ਅਫਸਰ ਸੈਕਿੰਡਰੀ ਸਿੱਖਿਆ ਦੇ ਨਿਰਦੇਸ਼ ਅਨੁਸਾਰ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਅਨੀਤਾ ਕਾਲੜਾ ਦੀ ਯੋਗ ਅਗਵਾਈ ਹੇਠ ਸਕੂਲ ਇੰਚਾਰਜ ਪਵਨ ਅਰੋੜਾ ਦੀ ਦੇਖ ਰੇਖ ਅਧੀਨ ਸਮੂਹ ਸਟਾਫ ਦੇ ਸਹਿਯੋਗ ਨਾਲ ਮੈਗਾ ਮਾਪੇ ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਸ ਦਾ ਮੁੱਖ ਉਦੇਸ਼ ਮਾਪਿਆਂ ਨੂੰ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਸਿੱਖਿਆ ਦੇ ਖੇਤਰ ਵਿੱਚ ਆਈ ਕ੍ਰਾਂਤੀ ਤੋਂ ਜਾਣੂ ਕਰਵਾਉਣਾ ਹੈ ਅਤੇ ਵਿਦਿਆਰਥੀਆਂ ਦੀ ਸਰਬਪੱਖੀ ਵਿਕਾਸ ਲਈ ਮਾਪਿਆਂ ਦਾ ਸਹਿਯੋਗੀ ਯੋਗਦਾਨ ਪਾਉਣਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਕੂਲ ਮੀਡੀਆ ਇੰਚਾਰਜ ਹੁਸ਼ਿਆਰ ਦਰਗਨ ਨੇ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਦੇ ਕੀਤੇ ਯਤਨਾਂ ਅਤੇ ਅਧਿਆਪਕਾਂ ਦੀ ਮਿਹਨਤ ਸਦਕਾ ਬੋਰਡ ਪ੍ਰੀਖਿਆਵਾਂ ਦਾ ਨਤੀਜਾ ਵਧੀਆ ਰਿਹਾ ਜਿਕਰਯੋਗ ਹੈ ਕਿ ਕੇਂਦਰ ਸਰਕਾਰ ਦੇ ਇੱਕ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਪੂਰੇ ਦੇਸ਼ ਭਰ ਚੋਂ ਪਹਿਲੇ ਨੰਬਰ ਤੇ ਆਏ। ਸਕੂਲ ਆਈ.ਸੀ.ਟੀ ਕੰਪੋਨੈਂਟ ਦੇ ਇੰਚਾਰਜ ਅਮਿਤ ਧਮੀਜਾ ਨੇ ਦੱਸਿਆ ਕਿ ਵਿਭਾਗੀ ਹਦਾਇਤਾਂ ਅਨੁਸਾਰ ਪਹਿਲੀਆਂ ਤਿੰਨ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਹੋਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਸਮੂਹ ਸਟਾਫ ਨੂੰ ਵੀ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਤਾਂ ਜੋ ਹੋਰ ਮਿਹਨਤ ਦੇ ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਯਤਨ ਕਰ ਸਕਨ ਇਸ ਮੌਕੇ ਸਮੂਹ ਹਾਜ਼ਰ ਸਟਾਫ ਦੁਆਰਾ ਮੈਗਾ ਮਾਪੇ ਅਧਿਆਪਕ ਮਿਲਣੀ ਦੌਰਾਨ ਵੱਡੀ ਗਿਣਤੀ ਵਿੱਚ ਹਾਜ਼ਰ ਮਾਪਿਆਂ ਦਾ ਸਵਾਗਤ ਕੀਤਾ ਗਿਆ।

# ਆਪ ਦੇ ਜੇਤੂ ਉਮੀਦਵਾਰਾਂ ਦਾ ਵਿਧਾਇਕ ਵਲੋਂ ਸਨਮਾਨ



**ਗਿੱਦੜਬਾਹਾ 30 ਮਈ (ਕੁਲਭੂਸ਼ਨ ਗਰਗ)** ਨਗਰ ਕੌਂਸਲ ਗਿੱਦੜਬਾਹਾ ਦੇ ਚੋਣ ਨਤੀਜਿਆਂ ਤੋਂ ਬਾਅਦ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਅੱਜ ਪਾਰਟੀ ਦੇ ਮੁੱਖ ਦਫਤਰ ਵਿਖੇ ਜੇਤੂ ਉਮੀਦਵਾਰ ਵਾਰਡ ਨੰਬਰ 1 ਦੇ ਹਰਪ੍ਰੀਤ ਕੌਰ, ਵਾਰਡ ਨੰਬਰ 2 ਦੇ ਮੁਨਤਾਜ ਸਿੰਘ, ਵਾਰਡ ਨੰਬਰ 3 ਦੇ ਮਨਜਿੰਦਰ ਕੌਰ, ਵਾਰਡ ਨੰਬਰ 4 ਦੇ ਐਡਵੋਕੇਟ ਲਗਨਪ੍ਰੀਤ ਸਿੰਘ ਲਾਲੀ, ਵਾਰਡ ਨੰਬਰ 5 ਦੇ ਗਗਨਦੀਪ ਕੌਰ, ਵਾਰਡ ਨੰਬਰ 7 ਦੇ ਸ਼ਿਵਾਨੀ,ਵਾਰਡ ਨੰਬਰ 8 ਦੇ ਮਾਧੋਦਾਸ ਸਿੰਘ, ਵਾਰਡ ਨੰਬਰ 9 ਦੇ ਸਿਮਰਨ ਕੌਰ, ਵਾਰਡ ਨੰਬਰ 10 ਦੇ ਭਿੰਦਰ ਸਿੰਘ, ਵਾਰਡ ਨੰਬਰ 11 ਦੇ ਜਸਵੀਨ ਕੌਰ, ਵਾਰਡ ਨੰਬਰ 12 ਦੇ ਰਮੇਸ਼ ਕੁਮਾਰ ਫੌਜੀ ,ਵਾਰਡ ਨੰਬਰ 13 ਦੇ ਬਲਜੀਤ ਕੌਰ ,ਵਾਰਡ ਨੰਬਰ 14 ਦੇ ਜਸਵੀਰ ਸਿੰਘ ,ਵਾਰਡ ਨੰਬਰ 16 ਦੇ ਧਰਮਿੰਦਰ ਕੁਮਾਰ, ਵਾਰਡ ਨੰਬਰ 17 ਦੇ ਮਹਾਂਵੀਰ ਪੋਡੀ ਵਾਰਡ ਨੰਬਰ 18 ਦੇ ਗੌਰਵ ਜੈਨ ਅਤੇ ਵਾਰਡ ਨੰਬਰ 19 ਦੇ ਗੀਤਾਂਸ਼ੂ ਗਰਗ ਨੂੰ ਸਨਮਾਨਿਤ ਕੀਤਾ । ਇਸ ਮੌਕੇ ਐਮਐਲਏ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਵਰਕਰਾਂ, ਸਪੋਟਰਾਂ ਅਤੇ ਆਗੂਆਂ ਦੀ ਮਿਹਨਤ ਦਾ ਨਤੀਜਾ ਹੈ ਤੇ ਗਿੱਦੜਬਾਹਾ ਨਿਵਾਸੀਆਂ ਨੇ ਵਿਕਾਸ ਕਾਰਜਾਂ ਤੇ ਮੋਹਰ ਲਗਾਈ ਹੈ। ਉਨਾਂ ਨਗਰ ਕੌਂਸਲ ਦੇ ਮੈਂਬਰਾਂ ਨੂੰ ਗਿੱਦੜਬਾਹਾ ਦੇ ਵਿਕਾਸ ਕਾਰਜਾਂ ਲਈ ਨਿਰਪੱਖ ਹੋ ਕੇ ਪਾਰਟੀਬਾਜੀ ਤੋਂ ਉੱਪਰ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਗਿੱਦੜਬਾਹਾ ਦੇ ਵਿਕਾਸ ਲਈ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਸਮੇਂ ਪੰਜਾਬ ਦੀ ਖੁਸ਼ਹਾਲੀ ਤੇ ਵਿਕਾਸ ਦੇ ਕੰਮ ਕਰਨ ਲਈ ਤਤਪਰ ਹੈ ਸਰਕਾਰ ਹਰ ਵਰਗ ਦੀਆਂ ਸਹੂਲਤਾਂ ਲਈ ਨਵੀਆਂ ਨਵੀਆਂ ਯੋਜਨਾਵਾਂ ਲੈ ਕੇ ਆ ਰਹੀ ਹੈ। ਇਸ ਮੌਕੇ ਸੰਦੀਪ ਸਿੰਘ ਸਨੀ ਢਿੱਲੋਂ, ਸੀਨੀਅਰ ਆਗੂ ਅਸ਼ੋਕ ਬੁੱਟਰ, ਕਰਮਜੀਤ ਸਿੰਘ, ਮਲਕੀਤ ਸਿੰਘ, ਲਖਵੀਰ ਸਿੰਘ ਮਿੰਟੂ ਵਾਲੀਆ, ਰਵਿੰਦਰ ਕੁਮਾਰ, ਲਖਵਿੰਦਰ ਸਿੰਘ ਬਦਰੂ, ਬਲਰਾਜ ਸਿੰਘ ਮਾਨ, ਸੁਖਮੰਦਰ ਸਿੰਘ ਅਤੇ ਦੀਪਕ ਬੁੱਟਰ ਤੋਂ ਇਲਾਵਾ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।



ਵਾਰਡ ਨੰਬਰ 19 ਤੋਂ ਜੇਤੂ ਆਮ ਆਦਮੀ ਪਾਰਟੀ ਦੀ ਉਮੀਦਵਾਰ ਗੀਤਾਂਸ਼ੂ ਬੁੱਟਰ।



ਵਾਰਡ ਨੰਬਰ 14 ਤੋਂ ਜੇਤੂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਵੀਰ ਸਿੰਘ ਮਾਨ।



ਵਾਰਡ ਨੰਬਰ 5 ਤੋਂ ਜੇਤੂ ਆਮ ਆਦਮੀ ਪਾਰਟੀ ਦੀ ਉਮੀਦਵਾਰ ਗਗਨਦੀਪ ਵਾਲੀਆ।



ਵਾਰਡ ਨੰਬਰ 11 ਤੋਂ ਜੇਤੂ ਆਮ ਆਦਮੀ ਪਾਰਟੀ ਦੀ ਉਮੀਦਵਾਰ ਜਸਵੀਨ ਕੌਰ।



ਵਾਰਡ ਨੰਬਰ 18 ਤੋਂ ਜੇਤੂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੌਰਵ ਜੈਨ ਚੀਨੂੰ।



ਵਾਰਡ ਨੰਬਰ 6 ਤੋਂ ਜੇਤੂ ਕਾਂਗਰਸ ਪਾਰਟੀ ਦੇ ਉਮੀਦਵਾਰ ਦੀਪਕ ਗਰਗ ਵਾਰਡ ਵਾਸੀਆਂ ਦਾ ਧੰਨਵਾਦ ਕਰਨ ਦੌਰਾਨ।

# ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਲਈ ਅੱਜ 31 ਮਈ ਦੀ ਮੋਹਾਲੀ ਸੂਬਾਈ ਰੈਲੀ 'ਚ ਭਰਵੀਂ ਸ਼ਮੂਲੀਅਤ ਦਾ ਐਲਾਨ

**ਜਲਾਲਾਬਾਦ 30 ਮਈ (ਗਗਨ ਵਾਟਸ)** ਪੁਰਾਣੇ ਸਕੇਲ, ਪੁਰਾਣੀ ਪੈਨਸ਼ਨ ਅਤੇ ਭੱਤੇ ਬਹਾਲੀ ਮੋਰਚਾ ਵੱਲੋਂ ਮੁਲਾਜ਼ਮਾਂ ਦੀਆਂ ਪ੍ਰਮੁੱਖ ਵਿੱਤੀ ਮੰਗਾਂ, ਜਿਸ ਵਿੱਚ 17 ਜੁਲਾਈ 2020 ਤੋਂ ਬਾਅਦ ਭਰਤੀ ਵੱਖ ਵੱਖ ਵਿਭਾਗਾਂ ਅਦਾਰਿਆਂ ਅਤੇ ਬੋਰਡਾਂ ਦੇ ਮੁਲਾਜ਼ਮਾਂ ਦਾ ਵੱਡੇ ਪੱਧਰ 'ਤੇ ਸੋਸ਼ਣ ਕਰਨ ਲਈ ਲਾਗੂ ਕੀਤੇ ਕੇਂਦਰੀ ਪੈਟਰਨ ਅਧਾਰਿਤ ਨਵੇਂ ਤਨਖਾਹ ਸਕੇਲਾਂ, 1 ਜਨਵਰੀ 2004 ਤੋਂ ਬਜਾਰੂ ਯੋਗ ਕੁਮਾਰ ਨਾਲ ਜੁੜੀ ਨਵੀਂ ਪੈਨਸ਼ਨ ਪ੍ਰਣਾਲੀ, ਮੁਲਾਜ਼ਮਾਂ ਦਾ 18% ਪੈਂਡਿੰਗ ਮਹਿੰਗਾਈ ਭੱਤਾ ਰੋਕਣ, ਪੇਂਡੂ ਤੇ ਬਾਰਡਰ ਏਰੀਆ ਭੱਤਿਆਂ ਸਮੇਤ 37 ਕਿਸਮ ਦੇ ਕੱਟੇ ਗਏ ਭੱਤੇ ਬਹਾਲ ਨਾ ਕਰਨ,ਰੀਕਾਸਟ ਲਿਸਟਾਂ ਦੇ ਨਾਂ ਹੇਠ 4161 ਮਾਸਟਰ, 6635 ਈਟੀਟੀ ਤੇ ਬਾਕੀ ਭਰਤੀਆਂ ਦੇ ਸੈਂਕੜੇ ਅਧਿਆਪਕਾਂ ਨੂੰ ਟਰਮੀਨੇਸ਼ਨ ਦੇ ਸ਼ੋਅ ਕਾਜ ਨੋਟਿਸ ਜਾਰੀ ਕਰਨ, ਕੱਚੇ ਮੁਲਾਜ਼ਮਾਂ ਸਮੇਤ ਐਸੋਸੀਏਟ ਟੀਚਰਜ਼ ਅਤੇ ਕੰਪਿਊਟਰ ਅਧਿਆਪਕਾਂ ਨੂੰ ਸਿਵਲ ਸੇਵਾ ਨਿਯਮਾਂ ਤਹਿਤ ਲਿਆ ਕੇ ਰੈਗੂਲਰ ਨਾ ਕਰਨ ਵਿਰੁੱਧ ਜਾਰੀ ਸੰਘਰਸ਼ ਦਰਮਿਆਨ 31 ਮਈ 2026 ਨੂੰ ਮੋਹਾਲੀ ਵਿਖੇ ਸੂਬਾਈ ਰੈਲੀ ਅਤੇ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵੱਲ ਮਾਰਚ ਕਰਨ ਦੇ ਐਲਾਨ ਅਨੁਸਾਰ ਜਿਲ੍ਹਾ ਫਾਜ਼ਿਲਕਾ ਵਿੱਚ ਮੁਲਾਜਮਾਂ ਵੱਲੋਂ ਤਿਆਰੀ ਮੁਹਿੰਮ ਜਾਰੀ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਡੀ ਟੀ ਐੱਫ ਦੇ ਜਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਜਿਲ੍ਹਾ ਸਕੱਤਰ ਕੁਲਜੀਤ ਡੰਗਰਖੇੜਾ ਨੇ ਦੱਸਿਆ ਕਿ ਪੰਜਾਬ ਵਿੱਚ ਸਰਕਾਰ ਬਣਨ ਤੋਂ ਪਹਿਲਾਂ ਹੋਰਨਾਂ ਵਰਗਾਂ ਵਾਂਗ ਪੰਜਾਬ ਦੇ ਮੁਲਾਜ਼ਮਾਂ ਨਾਲ ਵੀ ਆਮ ਆਦਮੀ ਪਾਰਟੀ ਵੱਲੋਂ ਕਈ ਵਾਅਦੇ ਕੀਤੇ ਗਏ ਸਨ, ਪ੍ਰੰਤੂ ਪਿਛਲੇ ਸਵਾ ਚਾਰ ਸਾਲ ਵਿੱਚ ਮੁਲਾਜ਼ਮਾਂ ਦੀਆਂ ਸਾਰੀਆਂ ਵਿੱਤੀ ਮੰਗਾਂ ਨੂੰ ਪੰਜਾਬ ਸਰਕਾਰ ਨੇ ਬੁਰੀ ਤਰ੍ਹਾਂ ਨੁਕਰੇ ਲਗਾ ਕੇ ਰੱਖਿਆ ਹੋਇਆ ਹੈ, ਸਗੋਂ ਮੁਲਾਜ਼ਮਾਂ ਨੂੰ ਹਰ ਛੇ ਮਹੀਨੇ ਬਾਅਦ ਕੇਂਦਰ ਸਰਕਾਰ ਦੇ ਐਲਾਨਾਂ ਦੇ ਤਰਜ 'ਤੇ ਮਹਿੰਗਾਈ ਭੱਤਾ ਦੇਣ ਦੀ ਆਪਣੀ ਮੁਢਲੀ ਜਿੰਮੇਵਾਰੀ ਤੋਂ ਵੀ ਪੌਣੇ ਦੋ ਸਾਲ ਤੋਂ ਭਗੌੜਾ ਹੋ ਚੁੱਕੇ ਹਨ। ਇਸ ਤੋਂ ਇਲਾਵਾ ਹਜ਼ਾਰਾਂ ਕੱਚੇ ਅਧਿਆਪਕਾਂ ਨੂੰ ਐਸੋਸੀਏਟ ਟੀਚਰ ਦਾ ਦਰਜ਼ਾ ਦੇ ਕੇ ਬੁਤਾ ਸਾਰ ਦਿੱਤਾ ਗਿਆ ਹੈ ਅਤੇ ਰੈਗੂਲਰ ਕਰਮਚਾਰੀਆਂ ਦੇ ਲਾਭਾਂ ਤੋਂ ਵਾਂਝੇ ਰੱਖਿਆ ਹੋਇਆ ਹੈ, ਇਸੇ ਤਰ੍ਹਾਂ ਪਿਕਟਸ ਸੋਸਾਇਟੀ ਅਧੀਨ ਸੇਵਾਵਾਂ ਨਿਭਾ ਰਹੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਤੌਰ ਤੇ ਮਰਜ ਨਹੀਂ ਕੀਤਾ ਗਿਆ ਹੈ, ਸਗੋਂ ਲਗਾਤਾਰ ਸ਼ੋਸ਼ਣ ਜਾਰੀ ਹੈ।

# ਸਾਲਾਸਰ ਧਾਮ ਅਤੇ ਸ਼੍ਰੀ ਖਾਟੂ ਸ਼ਿਆਮ ਲਈ ਬੱਸ ਯਾਤਰਾ ਰਵਾਨਾ




**ਭੀਖੀ, 30 ਮਈ (ਸੰਦੀਪ ਤਾਇਲ)** ਭੀਖੀ ਤੋਂ ਸਾਲਾਸਰ ਧਾਮ ਅਤੇ ਸ਼੍ਰੀ ਖਾਟੂ ਸ਼ਿਆਮ ਲਈ ਪੰਜਵੀਂ ਬੱਸ ਯਾਤਰਾ ਸਥਾਨਕ ਸ਼੍ਰੀ ਖਾਟੂ ਸ਼ਿਆਮ ਅਤੇ ਸ਼ਨੀ ਦੇਵ ਮੰਦਰ ਤੋਂ ਰਵਾਨਾ ਹੋਈ। ਬੱਸ ਨੂੰ ਝੰਡੀ ਦੇ ਕੇ ਰਵਾਨਾ ਕਰਨ ਦੀ ਰਸਮ ਬਾਬਾ ਸੁਖਰਾਜ ਦਾਸ ਅਤੇ ਭੀਖੀ ਇੰਡੇਨ ਦੇ ਕੁਲਵੰਤ ਰਾਏ ਨੇ ਅਦਾ ਕੀਤੀ। ਇਸ ਮੌਕੇ ਜਾਣਕਾਰੀ ਦਿੰਦਿਆਂ ਮੰਦਿਰ ਦੇ ਪੁਜਾਰੀ ਜੱਸੀ ਬਾਬਾ ਨੇ ਦੱਸਿਆ ਕਿ ਇਸ ਧਾਰਮਿਕ ਯਾਤਰਾ ਦੌਰਾਨ ਸੰਗਤਾਂ ਨੂੰ ਸਾਲਾਸਰ ਧਾਮ ਅਤੇ ਸ਼੍ਰੀ ਖਾਟੂ ਸ਼ਿਆਮ ਤੋਂ ਇਲਾਵਾ ਹੋਰ ਵੀ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਸੰਗਤਾਂ ਲਈ ਖਾਣ ਪੀਣ ਅਤੇ ਰਹਿਣ ਦਾ ਪ੍ਰਬੰਧ ਵੀ ਸੰਸਥਾ ਵੱਲੋਂ ਕੀਤਾ ਗਿਆ ਹੈ। ਇਸ ਮੌਕੇ ਨਰੇਸ਼ ਕੁਮਾਰ ਨਾਟੀ, ਮਨੀ ਪੰਡਿਤ, ਅਸ਼ੋਕ ਕੁਮਾਰ, ਵਿਜੈ ਕੁਮਾਰ, ਗੋਬਿੰਦ ਕੁਮਾਰ, ਜੈਪਾਲ ਸ਼ਰਮਾ, ਕ੍ਰਿਸ਼ਨ ਕੁਮਾਰ, ਹਰਪਾਲ ਕੱਤਰੀ, ਪੁਨੀਤ ਗੋਇਲ, ਸ਼ਿਵ ਕੁਮਾਰ, ਦੀਪੂ ਕੁਮਾਰ ਆਦਿ ਵੀ ਹਾਜ਼ਰ ਸਨ।

# ਮਿਹਨਤੀ ਆਗੂ ਦੀ ਮਿਹਨਤ ਦਾ ਮੁੱਲ ਮੋੜਨ ਦਾ ਸਮਾਂ, ਪੱਤਰਕਾਰ ਤੇ ਕੌਂਸਲਰ ਮੁਨਸ਼ੀ ਫਾਰੂਕ ਨੂੰ ਨਗਰ ਕੌਂਸਲ ਮਾਲੇਰਕੋਟਲਾ ਦਾ ਪ੍ਰਧਾਨ ਬਣਾਉਣ ਦੀ ਉੱਠੀ ਜ਼ੋਰਦਾਰ ਮੰਗ



**ਮਾਲੇਰਕੋਟਲਾ 30 ਮਈ (ਸ਼ਰਮਾ)** ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਹਲਕਾ ਮਾਲੇਰਕੋਟਲਾ ਤੋਂ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਦੇ ਚੋਣ ਅਖਾੜੇ ਨੂੰ ਪੂਰੀ ਸਰਗਰਮੀ ਨਾਲ ਭਖਾ ਕੇ ਉਹਨਾਂ ਨੂੰ ਇਤਿਹਾਸਕ ਜਿੱਤ ਦੇ ਮੁਕਾਮ ਤੱਕ ਲੈ ਕੇ ਜਾਣ ਵਿੱਚ ਦਿਨ-ਰਾਤ ਇੱਕ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਸੀਨੀਅਰ, ਵਫ਼ਾਦਾਰ ਅਤੇ ਮਿਹਨਤੀ ਆਗੂ ਕੌਂਸਲਰ ਪੱਤਰਕਾਰ ਮੁਨਸ਼ੀ ਫਾਰੂਕ ਦੀਆਂ ਪਾਰਟੀ ਪ੍ਰਤੀ ਬੇਮਿਸਾਲ ਸੇਵਾਵਾਂ ਦਾ ਮੁੱਲ ਮੋੜਨ ਦਾ ਹੁਣ ਬਿਲਕੁਲ ਸਹੀ ਸਮਾਂ ਆ ਗਿਆ ਹੈ। ਪੱਤਰਕਾਰ ਮੁਨਸ਼ੀ ਫਾਰੂਕ ਨਗਰ ਕੌਂਸਲ ਵਿੱਚ ਇੱਕਮਾਤਰ ਅਜਿਹੇ ਚੋਣ ਜੇਤੂ ਕੌਂਸਲਰ ਹਨ ਜੋ ਸ਼ੁਰੂਆਤੀ ਦੌਰ ਤੋਂ ਹੀ ਆਮ ਆਦਮੀ ਪਾਰਟੀ ਅਤੇ ਵਿਧਾਇਕ ਡਾਕਟਰ ਜਮੀਲ ਉਰ ਰਹਿਮਾਨ ਨਾਲ ਚੱਟਾਨ ਵਾਂਗ ਖੜ੍ਹੇ ਰਹੇ ਹਨ। ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਡੂੰਘਾ ਰਾਬਤਾ ਰੱਖਣ ਵਾਲੇ ਇਸ ਨਿਮਰ ਅਤੇ ਲੋਕ-ਪੱਖੀ ਆਗੂ ਨੂੰ ਮਾਲੇਰਕੋਟਲਾ ਸ਼ਹਿਰ ਦੇ ਹਰ ਗਲੀ-ਮੁਹੱਲੇ ਦੀਆਂ ਬੁਨਿਆਦੀ ਸਮੱਸਿਆਵਾਂ ਦੀ ਬਹੁਤ ਬਾਰੀਕੀ ਨਾਲ ਸਮਝ ਹੈ, ਜਿਨ੍ਹਾਂ ਨੂੰ ਉਹ ਪਹਿਲਾਂ ਵੀ ਨਿਰੰਤਰ ਹੱਲ ਕਰਵਾਉਂਦੇ ਆ ਰਹੇ ਹਨ ਅਤੇ ਅੱਗੇ ਵੀ ਬੇਹੱਦ ਸੁਚੱਜੇ ਤੇ ਵਧੀਆ ਤਰੀਕੇ ਨਾਲ ਹੱਲ ਕਰਨ ਦੀ ਪੂਰੀ ਸਮਰੱਥਾ ਰੱਖਦੇ ਹਨ। ਮੁਨਸ਼ੀ ਫਾਰੂਕ ਦੀ ਇਸੇ ਨਿਸ਼ਕਾਮ ਸੇਵਾ ਭਾਵਨਾ, ਸਾਫ਼-ਸੁਥਰੇ ਅਕਸ ਅਤੇ ਪਾਰਟੀ ਪ੍ਰਤੀ ਵਫ਼ਾਦਾਰੀ ਨੂੰ ਦੇਖਦੇ ਹੋਏ ਅੱਜ ਸਮੁੱਚੇ ਪੱਤਰਕਾਰ ਭਾਈਚਾਰੇ, ਇਲਾਕਾ ਨਿਵਾਸੀਆਂ ਅਤੇ ਆਮ ਆਦਮੀ ਪਾਰਟੀ ਦੇ ਸੂਝਵਾਨ ਵਰਕਰਾਂ ਵੱਲੋਂ ਜ਼ੋਰਦਾਰ ਮੰਗ ਕੀਤੀ ਜਾ ਰਹੀ ਹੈ ਕਿ ਸ਼ਹਿਰ ਦੇ ਸਰਵਪੱਖੀ ਵਿਕਾਸ ਅਤੇ ਸਥਾਨਕ ਸਰਕਾਰ ਨੂੰ ਮਜ਼ਬੂਤੀ ਪ੍ਰਦਾਨ ਕਰਨ ਲਈ ਕੌਂਸਲਰ ਪੱਤਰਕਾਰ ਮੁਨਸ਼ੀ ਫਾਰੂਕ ਨੂੰ ਨਗਰ ਕੌਂਸਲ ਮਾਲੇਰਕੋਟਲਾ ਦਾ ਪ੍ਰਧਾਨ ਨਿਯੁਕਤ ਕੀਤਾ ਜਾਵੇ, ਤਾਂ ਜੋ ਮਾਲੇਰਕੋਟਲਾ ਨਿਵਾਸੀਆਂ ਨੂੰ ਇੱਕ ਇਮਾਨਦਾਰ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਹਾਜ਼ਰ ਰਹਿਣ ਵਾਲਾ ਅਗਵਾਨ ਮਿਲ ਸਕੇ।

# ਭਵਾਨੀਗੜ੍ਹ ਨਗਰ ਕੌਂਸਲ ਚੋਣਾਂ ਚ ਚੇਅਰਮੈਨ ਮਿੰਕੂ ਜਵੰਧਾ ਦੀ ਰਣਨੀਤੀ ਨੇ ਵਾਰਡ ਨੰਬਰ 10 'ਚ ਲਹਿਰਾਇਆ 'ਆਪ' ਦਾ ਝੰਡਾ





**ਭਵਾਨੀਗੜ੍ਹ, 30 ਮਈ (ਰਾਜ ਖੁਰਮੀ)** ਨਗਰ ਕੌਂਸਲ ਭਵਾਨੀਗੜ੍ਹ ਦੀਆਂ ਚੋਣਾਂ ਦੇ ਨਤੀਜਿਆਂ ਨੇ ਸਥਾਨਕ ਸਿਆਸਤ ਵਿੱਚ ਨਵੀਆਂ ਚਰਚਾਵਾਂ ਨੂੰ ਜਨਮ ਦਿੱਤਾ ਹੈ। ਵਾਰਡ ਨੰਬਰ 10 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਬੀਬੀ ਹਰਜਿੰਦਰ ਰਾਣੀ ਨੇ ਵੱਡੀ ਲੀਡ ਨਾਲ ਜਿੱਤ ਦਰਜ ਕਰਦਿਆਂ ਕੌਂਸਲਰ ਦੀ ਕੁਰਸੀ ਆਪਣੇ ਨਾਮ ਕੀਤੀ ਹੈ। ਇਸ ਜਿੱਤ ਪਿੱਛੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਸਿਆਸੀ ਵਿਉਂਤਬੰਦੀ ਅਤੇ ਚੋਣ ਪ੍ਰਚਾਰ ਦੌਰਾਨ ਕੀਤੀ ਗਈ ਮਿਹਨਤ ਨੂੰ ਅਹਿਮ ਕਾਰਕ ਮੰਨਿਆ ਜਾ ਰਿਹਾ ਹੈ।ਜਿਵੇਂ ਹੀ ਨਤੀਜਿਆਂ ਦਾ ਐਲਾਨ ਹੋਇਆ, ਵਾਰਡ ਨੰਬਰ 10 ਵਿੱਚ ਜਸ਼ਨ ਦਾ ਮਾਹੌਲ ਬਣ ਗਿਆ। ਪਾਰਟੀ ਵਰਕਰਾਂ ਅਤੇ ਸਮਰਥਕਾਂ ਨੇ ਢੋਲ ਦੀਆਂ ਧੁਨਾਂ 'ਤੇ ਭੰਗੜੇ ਪਾ ਕੇ ਅਤੇ ਲੱਡੂ ਵੰਡ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਜਿੱਤ ਦੇ ਇਸ ਮੌਕੇ 'ਤੇ ਜਦੋਂ ਚੇਅਰਮੈਨ ਡਾ. ਮਿੰਕੂ ਜਵੰਧਾ ਵਾਰਡ ਵਿੱਚ ਪਹੁੰਚੇ ਤਾਂ ਲੋਕਾਂ ਨੇ ਫੁੱਲਾਂ ਦੀਆਂ ਮਾਲਾਵਾਂ ਅਤੇ ਨੋਟਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ।ਇਸ ਦੌਰਾਨ ਨਵ-ਚੁਣੀ ਕੌਂਸਲਰ ਬੀਬੀ ਹਰਜਿੰਦਰ ਰਾਣੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਵਾਰਡ ਵਾਸੀਆਂ ਨੇ ਕਿਹਾ ਕਿ ਇਹ ਜਿੱਤ ਚੇਅਰਮੈਨ ਜਵੰਧਾ ਦੀ ਦੂਰਅੰਦੇਸ਼ੀ, ਲਗਾਤਾਰ ਜਨ ਸੰਪਰਕ ਅਤੇ ਪਾਰਟੀ ਪ੍ਰਤੀ ਸਮਰਪਣ ਦਾ ਨਤੀਜਾ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਇਹ ਜਿੱਤ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ 'ਤੇ ਜਨਤਾ ਦੀ ਮੋਹਰ ਹੈ। ਉਨ੍ਹਾਂ ਕਿਹਾ ਕਿ ਵਾਰਡ ਦੇ ਵੋਟਰਾਂ ਨੇ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਵਿਕਾਸ ਦੇ ਮੁੱਦੇ ਨੂੰ ਤਰਜੀਹ ਦਿੱਤੀ ਹੈ।ਉਧਰ ਨਵ-ਚੁਣੀ ਕੌਂਸਲਰ ਬੀਬੀ ਹਰਜਿੰਦਰ ਰਾਣੀ ਅਤੇ ਉਨ੍ਹਾਂ ਦੇ ਪਤੀ ਸਤਗੁਰ ਸਿੰਘ ਨੇ ਵਾਰਡ ਵਾਸੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉਤਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਾਰਡ ਵਿੱਚ ਗਲੀਆਂ-ਨਾਲੀਆਂ ਦਾ ਨਿਰਮਾਣ, ਸਾਫ਼ ਪੀਣ ਵਾਲੇ ਪਾਣੀ ਦੀ ਸੁਚੱਜੀ ਸਪਲਾਈ, ਸਟਰੀਟ ਲਾਈਟਾਂ ਅਤੇ ਸਫ਼ਾਈ ਪ੍ਰਬੰਧ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਚੋਣ ਨਤੀਜਿਆਂ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਜਸ਼ਨ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ, ਸਮਰਥਕਾਂ ਅਤੇ ਇਲਾਕੇ ਦੇ ਪਤਵੰਤੇ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ। ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਵਾਰਡ ਨੰਬਰ 10 ਦੀ ਇਹ ਜਿੱਤ ਭਵਾਨੀਗੜ੍ਹ ਦੀ ਸਥਾਨਕ ਸਿਆਸਤ ਵਿੱਚ ਆਉਣ ਵਾਲੇ ਸਮੇਂ ਲਈ ਮਹੱਤਵਪੂਰਨ ਸੰਕੇਤ ਛੱਡ ਗਈ ਹੈ।

# ਤੰਬਾਕੂ ਦੇ ਸੇਵਨ ਨਾਲ ਮੂੰਹ, ਗਲਾ ਤੇ ਫ਼ੇਫੜਿਆਂ ਦਾ ਕੈਂਸਰ ਹੋਣ ਦਾ ਵਧੇਰੇ ਖ਼ਦਸ਼ਾ- ਡਾ.ਕੰਵਲਜੀਤ ਸਿੰਘ ਬਾਜਵਾ

## ਵਿਸ਼ਵ ਤੰਬਾਕੂ ਵਿਰੋਧੀ ਦਿਹਾੜੇ ਮੌਕੇ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਕੱਟੇ ਚਲਾਨ



**ਤਪਾ ਮੰਡੀ, 30 ਮਈ (ਬੰਟੀ ਦੀਕਸ਼ਿਤ, ਮੇਸੀ ਤਪਾ):** ਸਿਵਲ ਸਰਜਨ ਡਾ.ਹਰੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਤਪਾ ਸ਼ਹਿਰ ਵਿਖੇ ਵਿਸ਼ਵ ਤੰਬਾਕੂ ਵਿਰੋਧੀ ਦਿਹਾੜੇ ਮੌਕੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਬਲਾਕ ਅਧੀਨ ਵੱਖ ਵੱਖ ਪਿੰਡਾਂ ਵਿੱਚ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਵੀ ਕੀਤੇ ਗਏ। ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ.ਕੰਵਲਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਸਿਹਤ ਬਲਾਕ ਤਪਾ ਵੱਲੋਂ ਲੋਕਾਂ ਨੂੰ ਲਗਾਤਾਰ ਤੰਬਾਕੂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਤੰਬਾਕੂ ਦੇ ਸੇਵਨ ਨਾਲ ਜਿੱਥੇ ਸਰੀਰ 'ਤੇ ਬੁਰਾ ਪ੍ਰਭਾਵ ਪੈਂਦਾ ਹੈ ਉੱਥੇ ਹੀ ਇਸ ਨਾਲ ਕੈਂਸਰ ਵਰਗਾ ਮਾਰੂ ਰੋਗ ਲੱਗ ਜਾਂਦਾ ਹੈ। ਉਨ੍ਹਾਂ ਕਿਹਾ ਕਿ ਵਿਅਕਤੀ ਨੂੰ ਤੰਬਾਕੂ ਦਾ ਕਿਸੇ ਵੀ ਪ੍ਰਕਾਰ ਦੇ ਸੇਵਨ ਤੋਂ ਬਚਣਾ ਚਾਹੀਦਾ ਹੈ ਅਤੇ ਸਾਨੂੰ ਸਭ ਨੂੰ ਇਸ ਦੀ ਵਰਤੋਂ ਵਿਰੁੱਧ ਡੱਟ ਕੇ ਖੜਨਾ ਚਾਹੀਦਾ ਹੈ। ਇਸ ਤੋਂ ਇਲਾਵਾ ਅੱਜ ਸਿਹਤ ਵਿਭਾਗ ਤਪਾ ਦੀ ਟੀਮ ਵੱਲੋਂ ਤਪਾ ਸ਼ਹਿਰ ਵਿਖੇ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਵੀ ਕੱਟੇ ਗਏ। ਇਸ ਮੌਕੇ ਬਲਾਕ ਐਜੂਕੇਟਰ ਜਸਪਾਲ ਜਟਾਣਾ ਨੇ ਕਿਹਾ ਕਿ ਤੰਬਾਕੂ ਦਾ ਕਿਸੇ ਵੀ ਰੂਪ ਨਾਲ ਸੇਵਨ ਵਿਅਕਤੀ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਕਮਜ਼ੋਰ ਕਰ ਦਿੰਦਾ ਹੈ ਤੇ ਉਸ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਘੱਟ ਜਾਂਦੀ ਹੈ, ਜਿਸ ਕਾਰਨ ਉਸ ਨੂੰ ਬਹੁਤ ਸਾਰੀਆਂ ਬੀਮਾਰੀਆਂ ਘੇਰ ਲੈਂਦੀਆਂ ਹਨ ਤੇ ਮਨੁੱਖ ਦੀ ਔਸਤਨ ਉਮਰ ਘਟ ਜਾਂਦੀ ਹੈ।ਉਨ੍ਹਾਂ ਕਿਹਾ ਕਿ ਤੰਬਾਕੂ ਨਾਲ ਸੱਭ ਤੋਂ ਵੱਧ ਮੂੰਹ, ਗਲਾ ਤੇ ਫ਼ੇਫੜਿਆਂ ਦਾ ਕੈਂਸਰ ਅਤੇ ਪੇਟ, ਸਾਹ ਤੇ ਦੰਦਾਂ ਆਦਿ ਦੀਆਂ ਬੀਮਾਰੀਆਂ ਹੋਣ ਦਾ ਖ਼ਤਰਾ ਵਧੇਰੇ ਹੁੰਦਾ ਹੈ। ਇਸ ਮੌਕੇ ਐਸ.ਆਈ ਰਣਜੀਵ ਕੁਮਾਰ ਤੇ ਜਸਪਾਲ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਅੱਜ ਕੋਟਪਾ (ਸਿਗਰਟ ਅਤੇ ਹੋਰ ਤੰਬਾਕੂ ਉਤਪਾਦ) ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਤੇ ਮੌਕੇ 'ਤੇ ਹੀ ਜੁਰਮਾਨਾ ਵਸੂਲ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕੋਟਪਾ ਐਕਟ ਦੀ ਧਾਰਾ 4 ਤਹਿਤ ਜਨਤਕ ਥਾਵਾਂ 'ਤੇ ਸਿਗਰਟ ਪੀਣ ਜਾਂ ਤੰਬਾਕੂਨੋਸ਼ੀ ਕਰਨ 'ਤੇ 200 ਰੁਪਏ ਤੱਕ ਦਾ ਜ਼ੁਰਮਾਨਾ ਕੀਤਾ ਜਾ ਸਕਦਾ ਹੈ।ਐਕਟ ਦੀ ਧਾਰਾ 6(ਏ) ਤਹਿਤ 18 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਸਿਗਰਟ ਜਾਂ ਕਿਸੇ ਤੰਬਾਕੂ ਉਤਪਾਦ ਦੀ ਵਿਕਰੀ ਕਰਨ ਦੀ ਪਾਬੰਦੀ ਹੈ ਜਦਕਿ ਧਾਰਾ 6 (ਬੀ) ਤਹਿਤ ਵਿੱਦਿਅਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ ਤੇ ਸੇਵਨ ਕਰਨਾ ਵੀ ਕਾਨੂੰਨੀ ਅਪਰਾਧ ਹੈ।ਇਸ ਤੋਂ ਇਲਾਵਾ ਧਾਰਾ 5 ਤਹਿਤ ਕਿਸੇ ਵੀ ਤੰਬਾਕੂ ਪਦਾਰਥ ਦੀ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਇਸ਼ਤਿਹਾਰਬਾਜ਼ੀ ਨਹੀਂ ਕੀਤੀ ਜਾ ਸਕਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮ.ਪ.ਹ.ਵ. ਬੂਟਾ ਸਿੰਘ, ਸੰਜੇ ਮਲਹੋਤਰਾ, ਮੰਗਤ ਸਿੰਘ ਹਰਜਿੰਦਰ ਸਿੰਘ ਵੀ ਹਾਜ਼ਰ ਸਨ।

